


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ਨੀਵਾਰ, 04 ਜਨਵਰੀ 2025

Email:- lokbani08@gmail.com




R. N. I. Punpun/29016/2008 * ਸਾਲ 16 , * ਅੰਕ : 203, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181–2211009 * M : 99155-94111




## ਦਿੱਲੀ ਦਾ ਸੰਘਣੀ ਧੁੰਦ ਕਾਰਨ ਤਾਪਮਾਨ 8 ਡਿਗਰੀ ਸੈਲਸੀਅਸ ਤੱਕ

ਨਵੀਂ ਦਿੱਲੀ, ਲੋਕ ਬਾਣੀ- ਰਾਜਧਾਨੀ ਦਿੱਲੀ ਚ ਅੱਜ ਸੰਘਣੀ ਧੁੰਦ ਛਾਈ ਰਹੀ, ਜਿਸ ਨਾਲ ਤਾਪਮਾਨ ਘੱਟੋ-ਘੱਟ 8 ਡਿਗਰੀ ਸੈਲਸੀਅਸ ਤੱਕ ਡਿੱਗ ਗਿਆ। ਇਸ ਦੌਰਾਨ, ਦਿੱਲੀ ਦੀ ਹਵਾ ਦੀ ਗੁਣਵੱਤਾ ਹੋਰ ਵਿਗੜ ਗਈ, ਹਵਾ ਗੁਣਵੱਤਾ ਸੂਚਕਾਂਕ 348 ਦਰਜ ਕੀਤਾ ਗਿਆ, ਜੋ ਕਿ ਬਹੁਤ ਮਾੜੀ



ਸ਼੍ਰੇਣੀ ਵਿਚ ਹੈ। ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਇਕ ਦਿਨ ਦੇ ਬ੍ਰੇਕ ਤੋਂ ਬਾਅਦ ਡਾਟਾ ਅਪਡੇਟ ਮੁੜ ਸ਼ੁਰੂ ਕੀਤਾ।

## ਮਹਾਕੁੰਭ ਲਈ 6 ਤਰ੍ਹਾਂ ਦੇ ਵਾਹਨ ਈ-ਪਾਸ ਜਾਰੀ ਕੀਤੇ ਜਾਣਗੇ

ਪ੍ਰਯਾਗਰਾਜ ,ਲੋਕ ਬਾਣੀ- ਉੱਤਰ ਪ੍ਰਦੇਸ਼ ਸਰਕਾਰ ਆਗਾਮੀ ਮਹਾਂਕੁੰਭ 2025 ਮੇਲੇ ਵਿੱਚ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਛੇ ਵੱਖ-ਵੱਖ ਕਿਸਮ ਦੇ ਵਾਹਨ ਈ-ਪਾਸ ਜਾਰੀ ਕਰੇਗੀ । ਵੀਆਈਪੀਜ਼ ਲਈ ਸਫ਼ੈਦ, ਅਖਾੜਿਆਂ ਲਈ ਭਗਵਾ, ਸੰਸਥਾਵਾਂ ਲਈ ਪੀਲਾ, ਮੀਡੀਆ ਕਰਮੀਆਂ ਲਈ ਅਸਮਾਨੀ ਨੀਲਾ, ਪੁਲਿਸ ਲਈ ਨੀਲਾ ਅਤੇ ਐਮਰਜੈਂਸੀ ਵਾਹਨਾਂ ਲਈ ਲਾਲ ਰੰਗ ਦੇ ਪਾਸ ਜਾਰੀ ਕੀਤੇ ਜਾਣਗੇ। ਇਸ ਤੋਂ ਇਲਾਵਾ ਸ਼ਰਧਾਲੂਆਂ ਦੀ ਸਹੂਲਤ,



ਸੁਚਾਰੂ ਪ੍ਰਬੰਧ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਿਆਪਕ ਵਾਹਨ ਪਾਰਕਿੰਗ ਪ੍ਰਬੰਧ ਕੀਤੇ ਗਏ ਹਨ।

## ਬੱਚਿਆਂ ਨੂੰ ਸੋਸ਼ਲ ਮੀਡੀਆ ਅਕਾਊਂਟ ਲਈ ਮਾਪਿਆਂ ਤੋਂ ਲੈਣੀ ਪਵੇਗੀ ਇਜਾਜ਼ਤ, ਜਲਦ ਆਉਣਗੇ ਨਿਯਮ

ਨਵੀਂ ਦਿੱਲੀ ਲੋਕ ਬਾਣੀ-ਕੇਂਦਰ ਸਰਕਾਰ ਨੇ ਡਿਜੀਟਲ ਪਰਸਨਲ ਡਾਟਾ ਪ੍ਰੋਟੈਕਸ਼ਨ ਦੇ ਨਿਯਮਾਂ ਦਾ ਖਰੜਾ ਜਾਰੀ ਕੀਤਾ ਹੈ, ਇਸ ਕਾਨੂੰਨ ਦੇ ਲਾਗੂ ਹੋਣ ਤੋਂ ਬਾਅਦ ਬੱਚਿਆਂ ਨੂੰ ਸੋਸ਼ਲ ਮੀਡੀਆ ਤੇ ਖਾਤਾ ਬਣਾਉਣ ਲਈ ਆਪਣੇ ਮਾਤਾ-ਪਿਤਾ ਤੋਂ ਇਜਾਜ਼ਤ ਲੈਣੀ ਪਵੇਗੀ। ਹਾਲਾਂਕਿ ਡਰਾਫਟ ਨਿਯਮਾਂ ਤੇ 18 ਫਰਵਰੀ ਤੱਕ ਸੁਝਾਅ ਮੰਗੇ ਗਏ ਹਨ। ਸਰਕਾਰ ਸੁਝਾਅ ਤੋਂ ਬਾਅਦ ਹੀ ਇਸ ਨੂੰ ਨੋਟੀਫਾਈ ਕਰੇਗੀ। ਹੁਣ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਸੋਸ਼ਲ ਮੀਡੀਆ




ਤੇ ਖਾਤਾ ਖੋਲ੍ਹਣ ਲਈ ਆਪਣੇ ਮਾਪਿਆਂ ਦੀ ਸਹਿਮਤੀ ਲੈਣੀ ਲਾਜ਼ਮੀ ਹੋਵੇਗੀ। ਇਹ ਵਿਵਸਥਾ ਡਿਜੀਟਲ ਪਰਸਨਲ ਡੇਟਾ ਪ੍ਰੋਟੈਕਸ਼ਨ ਐਕਟ, 2023 ਦੇ ਡਰਾਫਟ ਨਿਯਮਾਂ ਵਿਚ ਸ਼ਾਮਿਲ ਹੈ,

## ਭਾਰਤ 'ਚ ਸਰਦੀ ਜ਼ੁਕਾਮ ਦੇ ਕੇਸਾਂ 'ਤੇ ਨੇੜਿਓਂ ਨਜ਼ਰ ਰੱਖੀ, ਘਬਰਾਉਣ ਦੀ ਲੋੜ ਨਹੀਂ: ਸਰਕਾਰ

ਨਵੀਂ ਦਿੱਲੀ, –ਨੈਸ਼ਨਲ ਸੈਂਟਰ ਫਾਰ ਡਿਜ਼ੀਜ਼ ਕੰਟਰੋਲ (ਐੱਨਸੀਡੀਸੀ) ਨੇ ਕਿਹਾ ਕਿ ਉਹ ਦੇਸ਼ ਵਿਚ ਸਾਹ ਨਾਲ ਜੁੜੀਆਂ ਮੁਸ਼ਕਲਾਂ ਤੇ ਮੌਸਮੀ ਸਰਦੀ ਜ਼ੁਕਾਮ ਦੇ ਕੇਸਾਂ ਨੂੰ ਨੇੜਿਓਂ ਵਾਚ ਰਿਹਾ ਹੈ ਤੇ ਚੀਨ ਵਿਚ ਹਿਊਮਨ ਮੈਟਾਨਿਊਮੋਵਾਇਰਸ (ਐੱਚਐੱਮਪੀਵੀ) ਫੈਲਣ ਦੀਆਂ ਹਾਲੀਆ ਰਿਪੋਰਟਾਂ ਨੂੰ ਲੈ ਕੇ ਕੌਮਾਂਤਰੀ ਏਜੰਸੀਆਂ ਦੇ ਸੰਪਰਕ ਵਿਚ ਹੈ। ਇਹ ਦਾਅਵਾ ਅਧਿਕਾਰਤ ਸੂਤਰਾਂ ਨੇ ਕੀਤਾ ਹੈ। ਸੀਨੀਅਰ ਅਧਿਕਾਰੀ ਨੇ ਕਿਹਾ, "ਅਸੀਂ ਹਾਲਾਤ ਉੱਤੇ ਨੇੜਿਓਂ ਨਜ਼ਰ ਰੱਖ ਰਹੇ ਹਾਂ ਤੇ ਜਾਣਕਾਰੀ ਦੀ ਉਸ ਮੁਤਾਬਕ ਤਸਦੀਕ ਕੀਤੀ ਜਾ ਰਹੀ ਹੈ।" ਸਿਹਤ ਸੇਵਾਵਾਂ ਬਾਰੇ ਡਾਇਰੈਕਟਰ ਜਨਰਲ (ਡੀਜੀਐੱਚਐੱਸ) ਡਾ.ਅਤੁਲ ਗੋਇਲ ਨੇ ਕਿਹਾ ਕਿ ਹਿਊਮਨ



ਮੈਟਾਨਿਊਮੋਵਾਇਰਸ ਸਾਹ ਨਾਲ ਜੁੜੇ ਕਿਸੇ ਵੀ ਹੋਰ ਵਾਇਰਸ ਵਾਂਗ ਹੈ,

## ਥੀਏਟਰ ਭਗਦੜ ਕੇਸ ਵਿਚ ਅਦਾਕਾਰ ਅਲੂ ਅਰਜੁਨ ਨੂੰ ਨਿਯਮਤ ਜ਼ਮਾਨਤ

ਹੈਦਰਾਬਾਦ, ਲੋਕ ਬਾਣੀ-ਸਥਾਨਕ ਕੋਰਟ ਨੇ ਥੀਏਟਰ ਦੇ ਬਾਹਰ ਭਗਦੜ ਕੇਸ ਵਿਚ ਤੈਲਗੂ ਅਦਾਕਾਰ ਅਲੂ ਅਰਜੁਨ ਨੂੰ ਨਿਯਮਤ ਜ਼ਮਾਨਤ ਦੇ ਦਿੱਤੀ ਹੈ। ਅਦਾਕਾਰ ਦੀ ਹਾਲੀਆ ਰਿਲੀਜ਼ ਫ਼ਿਲਮ 'ਪੁਸ਼ਪਾ-2' ਦੀ ਸਕਰੀਨਿੰਗ ਮੌਕੇ ਥੀਏਟਰ ਦੇ ਬਾਹਰ ਮਚੀ ਭਗਦੜ 'ਚ ਇਕ ਮਹਿਲਾ ਦੀ ਮੌਤ ਹੋ ਗਈ ਸੀ। ਇਸ ਕੇਸ ਵਿਚ ਅਦਾਕਾਰ ਨੂੰ ਮੁਲਜ਼ਮ ਵਜੋਂ ਨਾਮਜ਼ਦ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਵਧੀਕ ਮੈਟਰੋਪਾਲਿਟਨ ਸੈਸਨਜ਼ ਜੱਜ



ਨੇ ਅਦਾਕਾਰ ਤੇ ਪੁਲੀਸ ਦੇ ਵਕੀਲਾਂ ਦੀਆਂ ਦਲੀਲਾਂ ਸੁਣਨ ਮਗਰੋਂ ਫੈਸਲਾ ਰਾਖਵਾਂ ਰੱਖ ਲਿਆ ਸੀ।

## ਅਸੀਂ ਡੱਲੇਵਾਲ ਨਾਲ ਖੜ੍ਹੇ ਹਾਂ, ਮੋਰਚੇ ਵੱਖੋ-ਵੱਖ ਪਰ ਲੜਾਈ ਇਕ ਹੈ: ਸੰਯੁਕਤ ਕਿਸਾਨ ਮੋਰਚਾ

ਲੁਧਿਆਣਾ, ਲੋਕ ਬਾਣੀ--ਸੰਯੁਕਤ ਕਿਸਾਨ ਮੋਰਚਾ (ਐੱਸਕੇਐੱਮ) ਦੇ ਆਗੂਆਂ ਨੇ ਅੱਜ ਲੁਧਿਆਣਾ ਦੇ ਈਸੜੂ ਭਵਨ ਵਿਚ ਬੈਠਕ ਕਰਕੇ ਕਈ ਅਹਿਮ ਫੈਸਲੇ ਲਏ ਹਨ। ਸੰਯੁਕਤ ਕਿਸਾਨ ਮੋਰਚਾ ਵੱਲੋਂ ਭਲਕੇ 4 ਜਨਵਰੀ ਨੂੰ ਟੋਹਾਣਾ ਤੇ 9 ਜਨਵਰੀ ਨੂੰ ਮੋਗਾ ਵਿੱਚ ਮਹਾਪੰਚਾਇਤ ਕੀਤੀ ਜਾਏਗੀ। ਬੈਠਕ ਵਿਚ ਕਿਸਾਨ ਆਗੂ ਰੁਲਦੂ ਸਿੰਘ ਮਾਨਸਾ, ਬਲਦੇਵ



ਸਿੰਘ ਨਿਹਾਲਗੜ੍ਹ, ਜੋਗਿੰਦਰ ਸਿੰਘ ਉਗਰਾਹਾਂ, ਹਰਿੰਦਰ ਸਿੰਘ ਲੱਖੋਵਾਲ ਸਣੇ ਹੋਰ ਕਈ ਕਿਸਾਨ ਆਗੂ ਮੌਜੂਦ ਸਨ।

## ਈਪੀਐੱਫਓ ਪੈਨਸ਼ਨਰ ਹੁਣ ਕਿਸੇ ਵੀ ਬੈਂਕ 'ਚੋਂ ਕਢਵਾ ਸਕਣਗੇ ਪੈਨਸ਼ਨ

ਨਵੀਂ ਦਿੱਲੀ, ਲੋਕ ਬਾਣੀ--ਕਰਮਚਾਰੀ ਪ੍ਰੋਵੀਡੈਂਟ ਫੰਡ ਸੰਗਠਨ (ਈਪੀਐੱਫਓ) ਦੇ ਪੈਨਸ਼ਨਰ ਹੁਣ ਕਿਸੇ ਵੀ ਬੈਂਕ ਤੋਂ ਪੈਨਸ਼ਨ ਕਢਵਾ ਸਕਣਗੇ। ਰਿਟਾਇਰਮੈਂਟ ਫੰਡ ਬਾਰੇ ਸੰਸਥਾ ਈਪੀਐੱਫਓ ਨੇ ਪੂਰੇ ਦੇਸ਼ ਵਿਚਲੇ ਆਪਣੇ ਖੇਤਰੀ ਦਫ਼ਤਰਾਂ ਵਿਚ ਕੇਂਦਰੀਕ੍ਰਿਤ ਪੈਨਸ਼ਨ ਪੇਮੈਂਟ ਸਿਸਟਮ ਪ੍ਰਬੰਧ ਲਾਗੂ ਕਰਨ ਦਾ ਅਮਲ ਪੂਰਾ ਕਰ ਲਿਆ ਹੈ। ਕਿਰਤ ਮੰਤਰਾਲੇ ਨੇ ਕਿਹਾ ਕਿ ਈਪੀਐੱਫਓ ਦੀ ਇਸ ਪੇਸ਼ਕਦਮੀ ਦਾ 68 ਲੱਖ ਤੋਂ ਵੱਧ ਪੈਨਸ਼ਨਰਾਂ ਨੂੰ ਲਾਭ ਹੋਵੇਗਾ। ਇਸ ਪ੍ਰਬੰਧ ਤਹਿਤ ਲਾਭਪਾਤਰੀ ਭਾਵ ਪੈਨਸ਼ਨਰ




ਹੁਣ ਕਿਸੇ ਵੀ ਬੈਂਕ ਵਿਚੋਂ ਪੈਨਸ਼ਨ ਕਢਵਾ ਸਕਣਗੇ ਤੇ ਉਨ੍ਹਾਂ ਨੂੰ ਪੈਨਸ਼ਨ ਸ਼ੁਰੂ ਕਰਵਾਉਣ ਮੌਕੇ ਤਸਦੀਕ ਲਈ ਕਿਸੇ ਬੈਂਕ ਵਿਚ ਜਾਣ ਦੀ ਵੀ ਲੋੜ ਨਹੀਂ ਪਏਗੀ

## ਸਾਬਕਾ ਭਾਰਤੀ ਹਾਕੀ ਕੋਚ ਜਗਬੀਰ ਸਿੰਘ ਨੂੰ ਦਿਲ ਦਾ ਦੌਰਾ ਪਿਆ, ਆਈਸੀਯੂ 'ਚ ਦਾਖਲ

ਰੁੜਕੇਲਾ(ਉੜੀਸਾ) ਲੋਕ ਬਾਣੀ--ਭਾਰਤੀ ਹਾਕੀ ਟੀਮ ਦੇ ਸਾਬਕਾ ਫਾਰਵਰਡ ਤੇ ਹਾਕੀ ਕੋਚ ਜਗਬੀਰ ਸਿੰਘ ਨੂੰ ਛਾਤੀ ਵਿਚ ਦਰਦ ਮਗਰੋਂ ਹਸਪਤਾਲ ਦਾਖਲ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਉਨ੍ਹਾਂ ਨੂੰ ਦਿਲ ਦਾ ਦੌਰਾ ਪੈ ਗਿਆ। ਉਹ ਇਸ ਵੇਲੇ ਆਈਸੀਯੂ 'ਚ ਦਾਖਲ ਹਨ। ਦੋ ਵਾਰ ਦੇ ਓਲੰਪੀਅਨ ਜਗਬੀਰ ਸਿੰਘ ਇਥੇ ਹਾਕੀ ਇੰਡੀਆ ਲੀਗ (ਐੱਚਆਈਐੱਲ) ਦੀ ਗੋਨਾਸਿਕਾ ਟੀਮ ਨਾਲ ਮੌਜੂਦ ਸਨ। ਸ਼ੁੱਕਰਵਾਰ ਨੂੰ ਬਾਅਦ ਦੁਪਹਿਰ ਸਿਖਲਾਈ ਸੈਸ਼ਨ ਦੌਰਾਨ ਜਗਬੀਰ ਨੂੰ ਸਾਹ ਲੈਣ ਵਿਚ ਦਿੱਕਤ ਮਹਿਸੂਸ ਹੋਈ। ਉਨ੍ਹਾਂ ਨੂੰ ਫੌਰੀ ਅਪੋਲੋ



ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦੀ ਇਕ ਆਰਟਰੀ ਬਲਾਕ ਹੋਣ ਬਾਰੇ ਪਤਾ ਲੱਗਾ। ਡਾਕਟਰ ਉਨ੍ਹਾਂ ਦੀ ਬਲਾਕ ਆਰਟਰੀ ਦਾ ਇਲਾਜ ਕਰ ਰਹੇ ਸਨ ਕਿ ਇਸ ਦੌਰਾਨ ਉਨ੍ਹਾਂ ਨੂੰ ਦਿਲ ਦਾ ਦੌਰਾ ਪੈ ਗਿਆ




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਸ਼੍ਰੋਮਣੀ ਕਮੇਟੀ ਦੇ ਵਿਰੋਧੀ ਮੈਂਬਰਾਂ ਦਾ ਵਫਦ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਮਿਲਿਆ, ਸੌਂਪਿਆ ਮੰਗ ਪੱਤਰ



ਅੰਮ੍ਰਿਤਸਰ-(ਲੋਕ ਬਾਣੀ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਰੋਧੀ ਧਿਰ ਦੇ ਮੈਂਬਰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਇੱਕ ਵਫਦ ਦੇ ਰੂਪ ਵਿੱਚ ਮਿਲੇ। ਜਥੇਦਾਰ ਗਿਆਨੀ ਰਘਬੀਰ ਸਿੰਘ ਦੀ ਰਿਹਾਇਸ਼ ਤੇ ਇਹ ਮੈਂਬਰਾਂ ਦਾ ਵਫਦ ਜਥੇਦਾਰ ਨੂੰ ਮਿਲਿਆ। ਮਿਲਣੀ ਤੋਂ ਬਾਅਦ ਵਿਰੋਧੀ ਧਿਰ ਦੇ ਮੈਂਬਰਾਂ ਵਿੱਚ ਸ਼ਾਮਲ ਕਰਨੈਲ ਸਿੰਘ ਪੰਜੋਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਮੁਲਾਕਾਤ ਕਰਕੇ ਆਪਣਾ ਮੰਗ ਪੱਤਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮੰਗ ਪੱਤਰ ਵਿੱਚ ਸਪਸ਼ਟ ਤੌਰ ਤੇ ਲਿਖਿਆ ਕਿ ਦੋ ਦਸੰਬਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਹੋਏ ਹੁਕਮਨਾਮਿਆਂ ਨੂੰ ਇਨ ਬਿਨ ਲਾਗੂ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਅਸਤੀਫਾ ਤਿੰਨ ਦਿਨਾਂ ਵਿੱਚ ਪ੍ਰਵਾਨ ਕਰਨ ਦਾ ਜੋ ਹੁਕਮ ਹੋਇਆ ਸੀ, ਉਹ ਹੁਣ ਤੱਕ ਵੀ ਲਾਗੂ ਨਹੀਂ ਹੋ ਸਕਿਆ। ਉਨ੍ਹਾਂ ਕਿਹਾ ਕਿ 19 ਦਸੰਬਰ ਨੂੰ ਹੋਈ ਸ਼੍ਰੋਮਣੀ ਕਮੇਟੀ ਦੀ ਅੰਤਿ□ਗ ਕਮੇਟੀ ਦੀ ਇਕੱਤਰਤਾ ਵਿੱਚ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਲੱਗੇ ਦੋਸ਼ਾਂ ਸਬੰਧੀ ਇੱਕ ਜਾਂਚ ਕਮੇਟੀ ਬਣਾਈ ਗਈ ਹੈ ਜੋ ਕਿ ਅਣਅਧਿਕਾਰਤ ਹੈ। ਕਿਸੇ ਵੀ ਸਿੰਘ ਸਾਹਿਬ ਜਾਂ ਜਥੇਦਾਰ ਦੀ ਜਾਂਚ ਸ਼੍ਰੋਮਣੀ ਕਮੇਟੀ ਨਹੀਂ ਕਰ ਸਕਦੀ। ਇਹ ਅਧਿਕਾਰ ਸ੍ਰੀ ਅਕਾਲ ਤਖਤ ਸਾਹਿਬ ਪਾਸ ਹੈ। ਉਨ੍ਹਾਂ ਕਿਹਾ ਕਿ ਵਫਦ ਵੱਲੋਂ ਜਥੇਦਾਰ ਨੂੰ ਅਪੀਲ ਕੀਤੀ ਗਈ ਹੈ ਕਿ ਇਸ ਕਮੇਟੀ ਨੂੰ ਭੰਗ ਕੀਤਾ ਜਾਵੇ ਅਤੇ ਗਿਆਨੀ ਹਰਪ੍ਰੀਤ ਸਿੰਘ ਦੇ ਮਾਮਲੇ ਦੀ ਜਾਂਚ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਨੂੰ ਨਾ ਮੰਨਣ ਦੇ ਦੋਸ਼ ਵਿੱਚ ਜਿਹੜੇ ਵੀ ਆਗੂ ਜ਼ਿੰਮੇਵਾਰ ਹਨ ਉਹਨਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੇ ਤਲਬ ਕਰਕੇ ਧਾਰਮਿਕ ਸਜਾ ਲਗਾਈ ਜਾਵੇ ਤਾਂ ਜੋ ਕੋਈ ਵੀ ਸ੍ਰੀ ਅਕਾਲ ਤਖਤ ਸਾਹਿਬ ਤੋਂ ਹੋਏ ਹੁਕਮ ਨੂੰ ਮੰਨਣ ਤੋਂ ਅਗਾਂਹ ਤੋਂ ਇਨਕਾਰੀ ਨਾ ਹੋਵੇ।

# High Court ਨੇ ਪੀਸੀਐੱਸ ਨਿਯੁਕਤੀ ਮਾਮਲੇ 'ਚ ਪੰਜਾਬ ਸਰਕਾਰ ਨੂੰ ਜਾਰੀ ਕੀਤਾ ਨੋਟਿਸ, 8 ਜਨਵਰੀ ਤੱਕ ਜਵਾਬ ਦਾਖ਼ਲ ਕਰਨ ਦਾ ਦਿੱਤਾ ਨਿਰਦੇਸ਼




ਚੰਡੀਗੜ੍ਹ-(ਲੋਕ ਬਾਣੀ) ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਪੀਸੀਐੱਸ (ਰਜਿਸਟਰਾਰ) ਅਸਾਮੀ 'ਤੇ ਕਥਿਤ ਰੂਪ 'ਚ ਨਿਯਮਾਂ ਦੀ ਉਲੰਘਣਾ ਕਰ ਕੇ ਕੀਤੀ ਗਈ ਨਿਯੁਕਤੀ ਦੇ ਖ਼ਿਲਾਫ਼ ਦਾਇਰ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਪੰਜਾਬ ਸਰਕਾਰ ਅਤੇ ਸਬੰਧਤ ਅਧਿਕਾਰੀਆਂ ਨੂੰ ਨੋਟਿਸ ਜਾਰੀ ਕੀਤਾ ਹੈ। ਕੋਰਟ ਨੇ 8 ਜਨਵਰੀ ਤੱਕ ਮਾਮਲੇ 'ਚ ਜਵਾਬ ਦਾਖ਼ਲ ਕਰਨ ਦਾ ਨਿਰਦੇਸ਼ ਦਿੱਤਾ ਹੈ।

ਮਹਿਲਾ ਅਧਿਕਾਰੀ ਰਾਜਵੰਤ ਕੌਰ ਨੇ ਐਡਵੋਕੇਟ ਵਿਕਾਸ ਚਤਰਥ ਜ਼ਰੀਏ ਪਟੀਸ਼ਨ ਦਾਖ਼ਲ ਕਰਕੇ ਦੋਸ਼ ਲਾਇਆ ਕਿ 10 ਨਵੰਬਰ, 2022 ਨੂੰ ਜਾਰੀ ਇਸ਼ਤਿਹਾਰ ਤਹਿਤ ਉਨ੍ਹਾਂ ਨੇ ਪੀਸੀਐੱਸ ਅਸਾਮੀ ਲਈ ਬਿਨੈ ਕੀਤਾ ਸੀ। ਚੋਣ ਪ੍ਰਕਿਰਿਆ'ਚ ਨਿਯਮਾਂ ਅਨੁਸਾਰ ਉਨ੍ਹਾਂ ਨੂੰ ਕੁੱਲ 58.415 ਅੰਕ ਮਿਲਣੇ ਚਾਹੀਦੇ ਸਨ ਪਰ ਕੇਵਲ 56.325 ਅੰਕ ਹੀ ਦਿੱਤੇ ਗਏ। ਪਟੀਸ਼ਨ 'ਚ ਕਿਹਾ ਗਿਆ ਹੈ ਕਿ ਚੋਣ ਲਈ ਏਸੀਆਰ ਦਾ ਆਧਾਰ ਲਿਆ ਗਿਆ। ਨਿਯਮਾਂ ਅਨੁਸਾਰ ਇਕ ਸਾਲ 'ਚ ਦੋ ਏਸੀਆਰ ਮਿਲਣ 'ਤੇ ਦੋਵਾਂ ਨੂੰ ਮਿਲਾ ਕੇ ਅੰਕ ਦਿੱਤੇ ਜਾਣੇ ਚਾਹੀਦੇ ਸਨ ਪਰ ਅਜਿਹਾ ਨਹੀਂ ਕੀਤਾ ਗਿਆ। ਇਸ ਦੇ ਉਲਟ ਉਨ੍ਹਾਂ ਤੋਂ ਘੱਟ ਅੰਕ ਪ੍ਰਾਪਤ ਕਰਨ ਵਾਲੇ ਇਕ ਹੋਰ ਉਮੀਦਵਾਰ ਨੂੰ ਪੀਸੀਐੱਸ (ਰਜਿਸਟਰਾਰ) ਅਹੁਦੇ 'ਤੇ ਨਿਯੁਕਤ ਕਰ ਦਿੱਤਾ ਗਿਆ। ਜਸਟਿਸ ਦੀਪਕ ਮਨਚੰਦਾ ਦੀ ਅਗਵਾਈ ਵਾਲੇ ਬੈਂਚ ਨੇ ਸਰਕਾਰ ਨੂੰ ਜਵਾਬ ਦਾਖਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਮਾਮਲੇ ਦੀ ਅਗਲੀ ਸੁਣਵਾਈ 8 ਜਨਵਰੀ ਨੂੰ ਹੋਵੇਗੀ।

# NHAI ਨੂੰ ਪੰਜਾਬ ਚ 15 ਪ੍ਰੋਜੈਕਟਾਂ ਨੂੰ ਪੂਰਾ ਕਰਨ ਲਈ 103 ਕਿਲੋਮੀਟਰ ਜ਼ਮੀਨ ਦੀ ਲੋੜ, 37 ਪ੍ਰੋਜੈਕਟਾਂ ਤੇ ਚੱਲ ਰਿਹਾ ਕੰਮ



ਚੰਡੀਗੜ੍ਹ-(ਲੋਕ ਬਾਣੀ) ਪੰਜਾਬ ਵਿੱਚ ਸੜਕੀ ਨੈੱਟਵਰਕ ਲਈ ਨੈਸ਼ਨਲ ਹਾਈਵੇਅ ਅਥਾਰਟੀ (ਐਨ.ਐਚ.ਏ.ਆਈ.) ਨੂੰ ਰਾਜ ਵਿੱਚ 15 ਪ੍ਰੋਜੈਕਟਾਂ ਨੂੰ ਪੂਰਾ ਕਰਨ ਲਈ 103 ਕਿਲੋਮੀਟਰ ਜ਼ਮੀਨ ਦੀ ਲੋੜ ਹੈ। ਇੰਨਾ ਹੀ ਨਹੀਂ ਕਿਸਾਨਾਂ ਦੇ ਰੋਸ ਕਾਰਨ ਅੰਮ੍ਰਿਤਸਰ ਕਟੜਾ ਐਕਸਪ੍ਰੈਸ ਵੇਅ ਦੇ ਤਿੰਨ ਛੋਟੇ ਹਿੱਸਿਆਂ ਦਾ ਕੰਮ ਵੀ ਠੱਪ ਹੈ। ਇਸ ਦੇ ਲਈ ©819 ਤਰਫੋਂ ਪੰਜਾਬ ਸਰਕਾਰ ਨੂੰ ਪੱਤਰ ਲਿਖਿਆ ਗਿਆ ਹੈ। ਉਮੀਦ ਹੈ ਕਿ ਇਹ ਪ੍ਰੋਜੈਕਟ ਜਲਦੀ ਹੀ ਪੂਰਾ ਹੋ ਜਾਵੇਗਾ।

ਇਸ ਸਮੇਂ ਰਾਜ ਵਿੱਚ 1,344 ਕਿਲੋਮੀਟਰ ਦੇ 37 ਪ੍ਰੋਜੈਕਟਾਂ ਤੇ ਕੰਮ ਚੱਲ ਰਿਹਾ ਹੈ। ਇਨ੍ਹਾਂ ਵਿੱਚੋਂ ਕਈ ਪ੍ਰਾਜੈਕਟ ਜ਼ਮੀਨ ਦੀ ਘਾਟ ਅਤੇ ਕਿਸਾਨਾਂ ਦੇ ਵਿਰੋਧ ਕਾਰਨ ਰੁਕੇ ਹੋਏ ਹਨ। ਹਾਲਾਂਕਿ ਇਸ ਤੋਂ ਪਹਿਲਾਂ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਸਪੱਸ਼ਟ ਕੀਤਾ ਹੈ ਕਿ ਰਾਜ ਸਰਕਾਰ ਹਾਈਵੇਅ ਪ੍ਰਾਜੈਕਟ ਲਈ ਜ਼ਮੀਨ ਨਹੀਂ ਦੇਵੇਗੀ। ਅਜਿਹੇ ਰਾਜਾਂ ਤੋਂ ਪ੍ਰਾਜੈਕਟ ਵਾਪਸ ਲਏ ਜਾਣਗੇ। ਇਸ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਤਤਕਾਲੀ ਮੁੱਖ ਸਕੱਤਰ ਅਨੁਰਾਗ ਵਰਮਾ ਅਤੇ ਡੀਜੀਪੀ ਅਨੁਰਾਗ ਵਰਮਾ ਨੂੰ ਕਿਸਾਨਾਂ ਨਾਲ ਗੱਲਬਾਤ ਕਰਨ ਲਈ ਕਿਹਾ ਸੀ। ਇਸ ਤੋਂ ਬਾਅਦ ਪ੍ਰਸ਼ਾਸਨ ਨੇ ਕਿਸਾਨਾਂ ਨਾਲ ਗੱਲਬਾਤ ਕਰਕੇ ©819 ਨੂੰ 94 ਫੀਸਦੀ ਜ਼ਮੀਨ ਮੁਹੱਈਆ ਕਰਵਾ ਦਿੱਤੀ।

©819 ਨੂੰ ਆਪਣੇ ਪ੍ਰੋਜੈਕਟ ਲਈ ਜ਼ਮੀਨ ਦੀ ਲੋੜ ਹੈ। ਇਨ੍ਹਾਂ ਵਿੱਚ ਦਿੱਲੀ ਅੰਮ੍ਰਿਤਸਰ ਕਟੜਾ ਐਕਸਪ੍ਰੈਸ ਵੇਅ, ਬਿਆਸ ਡੇਰਾ ਬਾਬਾ ਨਾਨਕ, ਅੰਮ੍ਰਿਤਸਰ, ਅਬੋਹਰ, ਫਾਜ਼ਿਲਕਾ, ਅੰਮ੍ਰਿਤਸਰ ਬਾਈਪਾਸ, ਮੋਗਾ, ਬਾਜਾਖਾਨਾ, ਅੰਮ੍ਰਿਤਸਰ ਬਠਿੰਡਾ, ਦੱਖਣੀ ਲੁਧਿਆਣਾ ਬਾਈਪਾਸ, ਲੁਧਿਆਣਾ ਬਠਿੰਡਾ, ਲੁਧਿਆਣਾ ਰੋਪੜ ਰੋਡ ਲਈ ਜ਼ਮੀਨ ਦੀ ਲੋੜ ਹੈ। ਹਾਲਾਂਕਿ ਸੀਐਮ ਭਗਵੰਤ ਮਾਨ ਦਾ ਕਹਿਣਾ ਹੈ ਕਿ ਪੰਜਾਬ ਦੀ ਜ਼ਮੀਨ ਹੋਰਨਾਂ ਥਾਵਾਂ ਦੇ ਮੁਕਾਬਲੇ ਕਾਫੀ ਉਪਜਾਊ ਹੈ। ਅਜਿਹੀ ਸਥਿਤੀ ਵਿੱਚ ਪੰਜਾਬ ਦੀ ਧਰਤੀ ਦੀ ਤੁਲਨਾ ਦੂਜੇ ਰਾਜਾਂ ਦੀ ਜ਼ਮੀਨ ਨਾਲ ਨਹੀਂ ਕੀਤੀ ਜਾਣੀ ਚਾਹੀਦੀ। ਨਾਲ ਹੀ ਜ਼ਮੀਨ ਦੇ ਵਾਜਬ ਰੇਟ ਦਿੱਤੇ ਜਾਣ।

# ਨਗਰ ਸੁਧਾਰ ਟਰੱਸਟ ਚ ਬੇਨਿਯਮੀਆਂ ਤੇ ਪਲਾਟ ਦੀ ਘਪਲੇਬਾਜ਼ੀ ਕਾਰਨ ਇੰਪਰੂਵਮੈਂਟ ਟਰੱਸਟ ਦੇ ਸੀਨੀਅਰ ਸਹਾਇਕ ਵਿਰੁੱਧ ਭ੍ਰਿਸ਼ਟਾਚਾਰ ਦਾ ਕੇਸ ਦਰਜ




ਚੰਡੀਗੜ੍ਹ, (ਲੋਕ ਬਾਣੀ) -ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਸੰਜੀਵ ਕਾਲੀਆ, ਸੀਨੀਅਰ ਸਹਾਇਕ, ਨਗਰ ਸੁਧਾਰ ਟਰੱਸਟ, ਜਲੰਧਰ, (ਹੁਣ ਹੁਸਿ□ਆਰਪੁਰ ਵਿਖੇ ਤਾਇਨਾਤ) ਵੱਲੋਂ ਨਗਰ ਸੁਧਾਰ ਟਰੱਸਟ, ਜਲੰਧਰ ਵਿੱਚ ਅਹੁਦੇ ਦੀ ਦੁਰਵਰਤੋਂ ਰਾਹੀਂ ਬੇਨਿਯਮੀਆਂ ਕਰਨ ਤੇ ਪਤਨੀ ਦੇ ਨਾਮ ਹੇਠ ਪਲਾਟ ਦੀ ਘਪਲੇਬਾਜ਼ੀ ਕਰਨ ਦੇ ਦੋਸ਼ਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਸਿ□ਕਾਇਤ ਨੰਬਰ 75/2022 ਦੀ ਪੜਤਾਲ ਤੋਂ ਪਾਇਆ ਗਿਆ ਕਿ ਉਕਤ ਸੰਜੀਵ ਕਾਲੀਆ ਦੇ ਖਿਲਾਫ ਦਵਿੰਦਰਪਾਲ ਕੌਰ ਪਾਸੋਂ ਪਲਾਟ ਨੰਬਰ 828 ਦੀ ਨਾ-ਉਸਾਰੀ ਫੀਸ 14,35,350 ਰੁਪਏ ਹਾਸਲ ਕੀਤੇ ਬਿਨਾਂ ਹੀ ਅਤੇ ਡੀਲਿੰਗ ਹੈਂਡ ਨਾ ਹੁੰਦੇ ਹੋਏ ਵੀ ਆਪਣੇ ਅਹੁਦੇ ਦੀ ਦੁਰਵਰਤੋਂ ਕਰਕੇ ਮੰਦਭਾਵਨਾ ਨਾਲ ਮਿਤੀ 21.04.2010 ਨੂੰ ਇੱਕ ਪੱਤਰ ਉਕਤ ਪਲਾਟ ਦੇ ਖਸਰਾ ਨੰਬਰ ਦੀ ਰਿਪੋਰਟ ਦੇਣ ਲਈ ਪਟਵਾਰੀ ਨੂੰ ਲਿਖਿਆ ਸੀ। ਉਪਰੰਤ ਪਟਵਾਰੀ ਨੇ ਖਸਰਾ ਨੰਬਰਾਂ ਸਬੰਧੀ ਰਿਪੋਰਟ ਸੁਪਰਡੈਂਟ ਵਿੱਕਰੀ ਕੋਲ ਰਿਪੋਰਟ ਭੇਜ ਦਿੱਤੀ ਪਰੰਤੂ ਸੰਜੀਵ ਕਾਲੀਆ ਨੇ ਸੁਪਰਡੈਂਟ ਨੂੰ ਬਾਈਪਾਸ ਕਰਦੇ ਹੋਏ ਬੈਨਾਮਾ ਨਾ-ਉਸਾਰੀ ਫੀਸ 14,35,350 ਰੁਪਏ ਹਾਸਲ ਕੀਤੇ ਬਿਨਾਂ ਹੀ ਸਿੱਧੇ ਤੌਰ ਉੱਤੇ ਤਤਕਾਲੀ ਚੇਅਰਮੈਨ ਪਾਸੋਂ ਉਕਤ ਪਲਾਟ ਦਵਿੰਦਰਪਾਲ ਕੌਰ ਦੇ ਨਾਮ ਉਪਰ ਅਲਾਟ ਕਰਵਾ ਦਿੱਤਾ। ਇਸ ਤੋਂ ਇਲਾਵਾ ਨਗਰ ਸੁਧਾਰ ਟਰੱਸਟ ਵੱਲੋਂ ਮਿਤੀ 13/10/2016 ਨੂੰ ਇੱਕ ਪੱਤਰ ਜਾਰੀ ਕਰਕੇ ਦਵਿੰਦਰਪਾਲ ਕੌਰ ਦੇ ਨਾਮ ਉਪਰ ਕੋਈ ਇਤਰਾਜ਼ ਨਹੀਂ (ਐਨ.ਡੀ.ਸੀ.) ਜਾਰੀ ਕਰ ਦਿੱਤਾ ਜਦ ਕਿ ਦਵਿੰਦਰਪਾਲ ਕੌਰ ਦੀ ਮੌਤ ਮਿਤੀ 12/01/2015 ਨੂੰ ਹੋ ਚੁੱਕੀ ਸੀ, ਜਿਸ ਕਰਕੇ ਇਹ ਐਨ.ਡੀ.ਸੀ. ਜਾਰੀ ਨਹੀਂ ਕੀਤਾ ਜਾ ਸਕਦਾ ਸੀ।

ਬੁਲਾਰੇ ਨੇ ਦੱਸਿਆ ਕਿ ਪੜਤਾਲ ਦੌਰਾਨ ਜਤਿੰਦਰ ਸਿੰਘ, ਕਾਰਜ ਸਾਧਕ ਅਫਸਰ ਵੱਲੋਂ ਦਿੱਤੇ ਬਿਆਨ ਮੁਤਾਬਿਕ ਮਿਤੀ 13.10.2016 ਨੂੰ ਜਾਰੀ ਹੋਏ ਇਸ ਐਨ.ਡੀ.ਸੀ. ਪਰ ਉਸਦੇ ਦਸਤਖਤ ਨਹੀਂ ਹਨ, ਪ੍ਰੰਤੂ ਨਗਰ ਸੁਧਾਰ ਟਰੱਸਟ ਨੇ ਆਪਣੇ ਦਫਤਰ ਦੇ ਪੱਤਰ ਮਿਤੀ 11.10.2024 ਰਾਹੀਂ ਸਪੱਸ਼ਟ ਕੀਤਾ ਹੈ ਕਿ ਇਸ ਐਨ.ਡੀ.ਸੀ. ਉਪਰ ਜਤਿੰਦਰ ਸਿੰਘ ਕਾਰਜਸਾਧਕ ਅਫਸਰ ਦੇ ਹੀ ਦਸਤਖਤ ਹਨ ਅਤੇ ਇਹ ਦਸਤਖਤ ਕਾਰਜਸਾਧਕ ਅਫਸਰ ਦੇ ਬਾਕੀ ਮਿਸਲਾਂ ਉਪੱਰ ਕੀਤੇ ਹਸਤਾਖਰਾਂ ਨਾਲ ਮਿਲਦੇ-ਜੁਲਦੇ ਹਨ।

ਉੱਨਾਂ ਦੱਸਿਆ ਕਿ ਇਸ ਕੇਸ ਤੋਂ ਇਲਾਵਾ ਪੜਤਾਲ ਦੌਰਾਨ ਇਹ ਵੀ ਪਾਇਆ ਗਿਆ ਕਿ ਸੋਹਨ ਦੇਈ ਪਤਨੀ ਭਗਵਾਨ ਦਾਸ ਦੀ ਮਾਲਕੀ ਵਾਲਾ 9 ਮਰਲੇ 147 ਵਰਗ ਫੁੱਟ ਰਕਬਾ ਨਗਰ ਸੁਧਾਰ ਟਰੱਸਟ ਵੱਲੋਂ ਸਾਲ 1976 ਵਿੱਚ ਲਿਆਂਦੀ ਗਈ '110 ਸਕੀਮ' ਗੁਰੂ ਤੇਗ ਬਹਾਦਰ ਨਗਰ, ਜਲੰਧਰ ਤਹਿਤ ਐਕਵਾਇਰ ਕੀਤਾ ਗਿਆ ਸੀ ਪਰੰਤੂ ਇਸ ਬਦਲੇ ਸੋਹਨ ਦੇਈ ਨੂੰ ਨੀਤੀ ਤਹਿਤ ਕੋਈ ਪਲਾਟ ਅਲਾਟ ਨਹੀਂ ਕੀਤਾ ਗਿਆ ਸੀ। ਸੰਜੀਵ ਕਾਲੀਆ ਨਗਰ ਸੁਧਾਰ ਟਰੱਸਟ, ਜਲੰਧਰ ਵਿਖੇ ਤਾਇਨਾਤ ਹੋਣ ਕਰਕੇ ਜਾਣਕਾਰੀ ਰੱਖਦਾ ਸੀ ਕਿ ਟਰੱਸਟ ਦੀ 94.5 ਏਕੜ ਸਕੀਮ ਗੁਰੂ ਗੋਬਿੰਦ ਸਿੰਘ ਐਵੀਨਿਊ ਵਿੱਚ ਉਸਦੇ ਰਿਹਾਇਸ਼ੀ ਮਕਾਨ ਦੇ ਨਾਲ ਲੱਗਦਾ ਪਲਾਟ ਨੰਬਰ 276 ਖਾਲੀ ਹੈ, ਜਿਸਨੂੰ ਲੋਕਲ ਡਿਸਪਲੇਸਡ ਪਰਸਨਜ (ਐਲਡੀਪੀ) ਕੋਟੇ ਵਿੱਚ ਕਿਸੇ ਹੋਰ ਦੇ ਨਾਮ ਉਤੇ ਅਲਾਟ ਕਰਵਾ ਕੇ ਆਪਣੇ ਨਾਮ ਕਰਵਾਇਆ ਜਾ ਸਕਦਾ ਹੈ। ਇਸ ਲਈ ਉਸਨੇ ਆਪਣੇ ਜਾਣਕਾਰਾਂ ਰਾਹੀਂ ਸੋਹਨ ਦੇਈ ਤੱਕ ਪਹੁੰਚ ਕਰਕੇ ਉਸਨੂੰ ਮਹਿਜ 6,50,000 ਰੁਪਏ ਦੇ ਕੇ ਦੀਪਕ ਪੁੱਤਰ ਸੋਹਣ ਲਾਲ ਵਾਸੀ ਸੱਤੋਵਾਲੀ, ਥਾਣਾ ਆਦਮਪੁਰ ਜਿ□ਲ੍ਹਾ ਜਲੰਧਰ ਨੂੰ ਮੁਖਤਿਆਰ-ਏ-ਆਮ ਖੜ੍ਹਾ ਕਰਕੇ ਉਸਦੇ ਨਾਮ ਉਤੇ ਮੁਖਤਿਆਰਨਾਮਾ ਨੰਬਰ 275 ਮਿਤੀ 10.10.2011 ਨਾਲ ਰਜਿਸਟਰਡ ਕਰਵਾ ਦਿੱਤਾ। ਇਸ ਉਪਰੰਤ ਉਕਤ ਪਲਾਟ ਨੂੰ ਸੰਜੀਵ ਕਾਲੀਆ ਨੂੰ ਆਪਣੇ ਨਿੱਜੀ ਮੁਫਾਦ ਲਈ ਮੁਖਤਾਰੇਆਮ ਦੀਪਕ ਦੇ ਅਧਾਰ ਤੇ 94.5 ਏਕੜ ਸਕੀਮ ਵਿੱਚ ਆਪਣੇ ਰਿਹਾਇਸ਼ੀ ਮਕਾਨ ਨੰਬਰ 277 ਦੇ ਨਾਲ ਲੱਗਦਾ ਪਲਾਟ ਨੰਬਰ 276 (ਪੱਤਰ ਨੰਬਰ 1202 ਮਿਤੀ 28.10.2011) ਰਾਹੀਂ ਸੋਹਨ ਦੇਈ ਦੇ ਨਾਮ ਉੱਤੇ ਅਲਾਟ ਕਰਵਾ ਦਿੱਤਾ। ਇਸ ਪਲਾਟ ਦੀ ਉਕਤ ਵਿਸ਼ੇਸ਼ ਕੋਟੇ ਮੁਤਾਬਿਕ ਬਣਦੀ ਰਿਜ਼ਰਵ ਕੀਮਤ 31883 ਰੁਪਏ ਟਰੱਸਟ ਦੇ ਖਾਤੇ ਵਿੱਚ ਜਮ੍ਹਾਂ ਕਰਵਾ ਦਿੱਤੀ। ਸੋਹਨ ਦੇਈ ਦੇ ਨਾਮ ਪਰ ਇਸ ਪਲਾਟ ਦਾ ਬੈਅਨਾਮਾ 9532 ਮਿਤੀ 22.12.2011 ਰਾਹੀਂ ਕਰਵਾਉਣ ਉਪਰੰਤ ਪਲਾਟ ਨੰਬਰ 276 ਦਾ ਐਨ.ਡੀ.ਸੀ. ਪੱਤਰ ਨੰਬਰ 3965 ਮਿਤੀ 05.03.2012 ਰਾਹੀਂ ਹਾਸਲ ਕਰ ਲਿਆ।

# ਡਿਪਟੀ ਕਮਿਸ਼ਨਰ ਵੱਲੋਂ ਐਸ.ਜੀ.ਪੀ.ਸੀ. ਬੋਰਡ ਦੇ ਗਠਨ ਲਈ ਡ੍ਰਾਫਟ ਵੋਟਰ ਸੂਚੀ ਜਾਰੀ, ਦਾਅਵੇ ਤੇ ਇਤਰਾਜ਼ ਮੰਗੇ

ਜਲੰਧਰ, (ਲੋਕ ਬਾਣੀ) : ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਦੇ ਨਵੇਂ ਬੋਰਡ ਦੇ ਗਠਨ ਲਈ ਡ੍ਰਾਫਟ ਵੋਟਰ ਸੂਚੀ ਜਾਰੀ ਕੀਤੀ ਗਈ।

ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਿਆਸੀ ਪਾਰਟੀਆਂ ਅਤੇ ਸਿੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਡਾ. ਅਗਰਵਾਲ ਨੇ ਦੱਸਿਆ ਕਿ ਡ੍ਰਾਫਟ ਸੂਚੀ 21 ਅਕਤੂਬਰ, 2023 ਤੋਂ 15 ਦਸੰਬਰ, 2024 ਦਰਮਿਆਨ ਚਲਾਈ ਗਈ ਵੋਟਰ ਰਜਿਸਟ੍ਰੇਸ਼ਨ ਮੁਹਿੰਮ ਦੇ ਆਧਾਰ ਤੇ ਤਿਆਰ ਕੀਤੀ ਗਈ ਹੈ।

ਚੀਫ਼ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਨਿਰਧਾਰਿਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਯੋਗ ਵੋਟਰ 24 ਜਨਵਰੀ, 2025 ਤੱਕ ਡ੍ਰਾਫਟ ਸੂਚੀ ਬਾਰੇ ਦਾਅਵੇ ਅਤੇ ਇਤਰਾਜ਼ ਦਾਇਰ ਕਰ ਸਕਦੇ ਹਨ। ਸਬੰਧਤ ਰਿਵਾਈਜ਼ਿੰਗ ਅਥਾਰਟੀਆਂ ਵੱਲੋਂ 5 ਫਰਵਰੀ, 2025 ਤੱਕ ਇਨ੍ਹਾਂ ਦਾਅਵਿਆਂ ਤੇ ਇਤਰਾਜ਼ਾਂ ਦੀ ਸਮੀਖਿਆ ਅਤੇ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸਪਲੀਮੈਂਟਰੀ ਸੂਚੀਆਂ ਦੇ ਖਰੜੇ ਨੂੰ 24 ਫਰਵਰੀ, 2025 ਤੱਕ ਅੰਤਿਮ ਰੂਪ ਦਿੱਤਾ ਜਾਵੇਗਾ ਅਤੇ 25 ਫਰਵਰੀ, 2025 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ।



ਡਾ. ਅਗਰਵਾਲ ਨੇ ਦੱਸਿਆ ਕਿ ਡ੍ਰਾਫਟ ਵੋਟਰ ਸੂਚੀ ਵਿੱਚ ਛੇ ਬੋਰਡ ਹਲਕਿਆਂ ਦੇ 365 ਪੋਲਿੰਗ ਸਟੇਸ਼ਨਾਂ ਦੇ 183,125 ਵੋਟਰ ਸ਼ਾਮਲ ਹਨ। ਇਨ੍ਹਾਂ ਵਿੱਚ ਫਿਲੌਰ (54 ਪੋਲਿੰਗ ਸਟੇਸ਼ਨ, 38,952 ਵੋਟਰ), ਨਕੋਦਰ (74 ਪੋਲਿੰਗ ਸਟੇਸ਼ਨ, 40,387 ਵੋਟਰ), ਸ਼ਾਹਕੋਟ (71 ਪੋਲਿੰਗ ਸਟੇਸ਼ਨ, 32,280 ਵੋਟਰ), ਆਦਮਪੁਰ (48 ਪੋਲਿੰਗ ਸਟੇਸ਼ਨ, 20,610 ਵੋਟਰ), ਜਲੰਧਰ ਸ਼ਹਿਰ (58 ਪੋਲਿੰਗ ਸਟੇਸ਼ਨ, 26,014 ਵੋਟਰ) ਅਤੇ ਕਰਤਾਰਪੁਰ (60 ਪੋਲਿੰਗ ਸਟੇਸ਼ਨ ਅਤੇ 24,882 ਵੋਟਰ) ਸ਼ਾਮਲ ਹਨ। ਐਸ.ਡੀ.ਐਮ. ਫਿਲੌਰ, ਸ਼ਾਹਕੋਟ ਅਤੇ ਨਕੋਦਰ ਨੂੰ ਕ੍ਰਮਵਾਰ ਫਿਲੌਰ, ਸ਼ਾਹਕੋਟ ਅਤੇ ਨਕੋਦਰ ਬੋਰਡ ਹਲਕਿਆਂ ਲਈ ਰਿਵਾਈਜ਼ਿੰਗ ਅਥਾਰਟੀ ਨਿਯੁਕਤ ਕੀਤਾ ਗਿਆ ਹੈ ਜਦਕਿ ਜੁਆਇੰਟ ਕਮਿਸ਼ਨਰ ਜਲੰਧਰ ਨਗਰ ਨਿਗਮ ਜਲੰਧਰ ਸ਼ਹਿਰ ਲਈ, ਐਸ.ਡੀ.ਐਮ.-1 ਆਦਮਪੁਰ ਲਈ, ਐਸ.ਡੀ.ਐਮ.-2 ਕਰਤਾਰਪੁਰ ਬੋਰਡ ਹਲਕੇ ਲਈ ਰਿਵਾਈਜ਼ਿੰਗ ਅਥਾਰਟੀ ਲਾਏ ਗਏ ਹਨ।

ਡਾ. ਅਗਰਵਾਲ ਨੇ ਸਿੱਖ ਜਥੇਬੰਦੀਆਂ ਅਤੇ ਸਿਆਸੀ ਪਾਰਟੀਆਂ ਨੂੰ ਰਜਿਸਟ੍ਰੇਸ਼ਨ ਮੁਹਿੰਮ ਬਾਰੇ ਜਾਗਰੂਕਤਾ ਪੈਦਾ ਕਰਨ ਦੀ ਅਪੀਲ ਕੀਤੀ ਤਾਂ ਜੋ ਕੋਈ ਵੀ ਯੋਗ ਵੋਟਰ ਆਪਣੀ ਵੋਟ ਬਣਾਉਣ ਤੋਂ ਵਾਂਝਾ ਨਾ ਰਹੇ। ਯੋਗ ਵੋਟਰ 24 ਜਨਵਰੀ, 2025 ਤੱਕ ਆਪਣੇ ਰਜਿਸਟ੍ਰੇਸ਼ਨ ਫਾਰਮ ਜਮ੍ਹਾ ਕਰਵਾ ਸਕਦੇ ਹਨ, ਬਸ਼ਰਤੇ ਉਹ ਵੋਟ ਬਣਾਉਣ ਲਈ ਲੋੜੀਂਦੇ ਮਾਪਦੰਡਾਂ ਨੂੰ ਪੂਰਾ ਕਰਦੇ ਹੋਣ।

# ਜਲੰਧਰ ਦਿਹਾਤੀ ਪੁਲਿਸ ਨੇ ਨਸ਼ੀਲੇ ਪਦਾਰਥਾਂ ਦੇ ਕਾਰੋਬਾਰ ਨੂੰ ਦਿੱਤਾ ਵੱਡਾ ਝਟਕਾ; ਵਪਾਰਕ ਮਾਤਰਾ ਵਿੱਚ ਹੈਰੋਇਨ ਬਰਾਮਦ

ਜਲੰਧਰ,(ਲੋਕ ਬਾਣੀ) ਜ਼ਿਲ੍ਹੇ ਦੇ ਨਸ਼ੀਲੇ ਪਦਾਰਥਾਂ ਦੇ ਵਪਾਰ ਨੂੰ ਇੱਕ ਵੱਡਾ ਝਟਕਾ ਦਿੰਦੇ ਹੋਏ ਜਲੰਧਰ ਦਿਹਾਤੀ ਪੁਲਿਸ ਨੇ ਨਸ਼ੀਲੇ ਪਦਾਰਥਾਂ ਦੀ ਇੱਕ ਮਹੱਤਵਪੂਰਨ ਖੇਪ ਨੂੰ ਕਾਬੂ ਕੀਤਾ ਅਤੇ ਇੱਕ ਬਦਨਾਮ ਤਸਕਰ ਨੂੰ ਗ੍ਰਿਫਤਾਰ ਕੀਤਾ, ਜਿਸ ਨੇ ਪਿਛਲੇ ਐਨਡੀਪੀਐਸ ਕੇਸ ਵਿੱਚ ਜ਼ਮਾਨਤ ਮਿਲਣ ਤੋਂ ਤੁਰੰਤ ਬਾਅਦ ਗੈਰ-ਕਾਨੂੰਨੀ ਕਾਰਵਾਈਆਂ ਸ਼ੁਰੂ ਕਰ ਦਿੱਤੀਆਂ ਸਨ। ਓਪਰੇਸ਼ਨ ਦੌਰਾਨ 50 ਗ੍ਰਾਮ ਉੱਚ ਦਰਜੇ ਦੀ ਹੈਰੋਇਨ ਬਰਾਮਦ ਹੋਈ ਹੈ।



ਸੀਨੀਅਰ ਪੁਲਿਸ ਕਪਤਾਨ ਹਰਕਮਲਪ੍ਰੀਤ ਸਿੰਘ ਖੱਖ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੀ.ਆਈ.ਏ. ਸਟਾਫ਼ ਦੁਆਰਾ ਖੁਫੀਆ ਸੂਚਨਾਵਾਂ ਦੇ ਆਧਾਰ ਤੇ ਕਾਰਵਾਈ ਨੂੰ ਅੰਜਾਮ ਦਿੱਤਾ ਗਿਆ ਸੀ।

ਐਸਐਸਪੀ ਖੱਖ ਨੇ ਖੁਲਾਸਾ ਕੀਤਾ ਕਿ ਇੰਸਪੈਕਟਰ ਪੁਸ਼ਪ ਬਾਲੀ ਦੁਆਰਾ ਪ੍ਰਾਪਤ ਵਿਸ਼ੇਸ਼ ਸੂਚਨਾ ਤੇ ਕਾਰਵਾਈ ਕਰਦੇ ਹੋਏ, ਐਸਪੀ ਇਨਵੈਸਟੀਗੇਸ਼ਨ ਜਸਰੂਪ ਕੌਰ ਬਾਠ ਅਤੇ ਡੀ.ਐਸ.ਪੀ. ਇਨਵੈਸਟੀਗੇਸ਼ਨ ਸਰਵਨਜੀਤ ਸਿੰਘ ਦੀ ਨਿਗਰਾਨੀ ਹੇਠ ਇੱਕ ਵਿਸ਼ੇਸ਼ ਟੀਮ ਨੇ ਸਿਨੇਮਾ ਮੋੜ ਕਰਤਾਰਪੁਰ ਦੇ ਨੇੜੇ ਇਹ ਕਾਮਯਾਬੀ ਹਾਸਲ ਕੀਤੀ।

ਮੁਲਜ਼ਮ ਦੀ ਪਛਾਣ ਰਣਜੀਤ ਸਿੰਘ ਉਰਫ਼ ਨੀਟੂ ਵਾਸੀ ਪਿੰਡ ਆਲਮਪੁਰ ਬੱਕਾ ਵਜੋਂ ਹੋਈ ਹੈ, ਜਿਸ ਨੂੰ ਪੁਲੀਸ ਟੀਮ ਵੱਲੋਂ ਕਾਬੂ ਕਰ ਲਿਆ ਗਿਆ ਹੈ।

ਐਸਐਸਪੀ ਖੱਖ ਨੇ ਕਿਹਾ, ਪੁਲਿਸ ਦੀ ਮੌਜੂਦਗੀ ਨੂੰ ਦੇਖਦੇ ਹੋਏ ਨਸ਼ੀਲੇ ਪਦਾਰਥਾਂ ਦਾ ਨਿਪਟਾਰਾ ਕਰਨ ਦੀ ਕੋਸ਼ਿਸ਼ ਦੇ ਬਾਵਜੂਦ, ਪੁਲਿਸ ਟੀਮ ਦੇ ਤੇਜ਼ ਜਵਾਬ ਨੇ ਹੈਰੋਇਨ ਦੀ ਬਰਾਮਦਗੀ ਅਤੇ ਦੋਸ਼ੀ ਦੀ ਗ੍ਰਿਫਤਾਰੀ ਨੂੰ ਯਕੀਨੀ ਬਣਾਇਆ ਹੈ।

ਮਹੱਤਵਪੂਰਨ ਗੱਲ ਇਹ ਹੈ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਤੇ ਪਹਿਲਾਂ ਮਾਰਚ 2022 (ਐਫਆਈਆਰ ਨੰਬਰ 48) ਥਾਣਾ ਕਰਤਾਰਪੁਰ ਵਿਖੇ ਐਨਡੀਪੀਐਸ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ।

ਰੋਜ਼ਾਨਾ ਲੋਕ ਬਾਣੀ
www.lokbani

ਐਨਡੀਪੀਐਸ ਐਕਟ ਦੀ ਧਾਰਾ 21ਬੀ-61-85 ਦੇ ਤਹਿਤ ਇੱਕ ਨਵਾਂ ਕੇਸ ਦਰਜ ਕੀਤਾ ਗਿਆ ਹੈ (ਐਫਆਈਆਰ ਨੰਬਰ 01 ਮਿਤੀ 02-01-2025)।ਪੁਲਿਸ ਇਸ ਜ਼ਬਤੀ ਦੇ ਵਿਆਪਕ ਪ੍ਰਭਾਵਾਂ ਦੀ ਜਾਂਚ ਕਰਨ ਲਈ ਵਿਸਤ੍ਰਿਤ ਹਿਰਾਸਤ ਦੀ ਮੰਗ ਕਰੇਗੀ, ਜਿਸ ਵਿੱਚ ਤਸ਼ੱਦਦ ਦੇ ਸਰੋਤ ਅਤੇ ਵੰਡ ਨੈਟਵਰਕ ਦੀ ਸੀਮਾ ਸ਼ਾਮਲ ਹੈ।

ਐਸਐਸਪੀ ਖੱਖ ਨੇ ਅੱਗੇ ਕਿਹਾ, ਅਸੀਂ ਨਸ਼ੀਲੇ ਪਦਾਰਥਾਂ ਦੀ ਕਮਾਈ ਰਾਹੀਂ ਹਾਸਲ ਕੀਤੀਆਂ ਜਾਇਦਾਦਾਂ ਤੇ ਧਿਆਨ ਕੇਂਦ੍ਰਤ ਕਰਦੇ ਹੋਏ, ਇੱਕ ਵਿਆਪਕ ਵਿੱਤੀ ਜਾਂਚ ਸ਼ੁਰੂ ਕਰ ਰਹੇ ਹਾਂ। ਨਸ਼ੀਲੇ ਪਦਾਰਥਾਂ ਦੇ ਵਪਾਰ ਨਾਲ ਜੁੜੀ ਕਿਸੇ ਵੀ ਜਾਇਦਾਦ ਨਾਲ ਕਾਨੂੰਨ ਦੇ ਉਪਬੰਧਾਂ ਅਨੁਸਾਰ ਨਿਪਟਿਆ ਜਾਵੇਗਾ।

ਐਸਐਸਪੀ ਖੱਖ ਨੇ ਅੱਗੇ ਕਿਹਾ ਕਿ ਜਲੰਧਰ ਦਿਹਾਤੀ ਪੁਲਿਸ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਰੁੱਧ ਸਖ਼ਤ ਰੁਖ ਅਪਣਾਉਂਦੇ ਹੋਏ, ਖੁਫੀਆ ਜਾਣਕਾਰੀ ਆਧਾਰਿਤ ਕਾਰਵਾਈਆਂ ਨੂੰ ਭਾਈਚਾਰਕ ਸ਼ਮੂਲੀਅਤ ਦੇ ਨਾਲ ਜੋੜ ਕੇ ਇੱਕ ਬਹੁ-ਪੱਖੀ ਰਣਨੀਤੀ ਨੂੰ ਲਾਗੂ ਕੀਤਾ ਹੈ।

ਉਨ੍ਹਾਂ ਨੇ ਨਾਗਰਿਕਾਂ ਨੂੰ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਨਸ਼ੀਲੇ ਪਦਾਰਥਾਂ ਵਿਰੁੱਧ ਲੜਾਈ ਵਿੱਚ ਆਪਣੀ ਅਹਿਮ ਭੂਮਿਕਾ ਨੂੰ ਜਾਰੀ ਰੱਖਣ ਦੀ ਤਾਕੀਦ ਕਰਦੇ ਹੋਏ ਆਪਰੇਸ਼ਨ ਟੀਮ ਦੀ ਪੇਸ਼ੇਵਰ ਕਾਰਵਾਈ ਦੀ ਸ਼ਲਾਘਾ ਕੀਤੀ।

# ਦਿੱਲੀ ਚ PM ਮੋਦੀ ਦੇ ਬਿਆਨ ਤੇ ਕੇਜਰੀਵਾਲ ਦਾ ਜਵਾਬ, ਕਿਹਾ- ਆਪਦਾ ਦਿੱਲੀ ਚ ਨਹੀਂ, ਸਗੋਂ ਭਾਜਪਾ ਚ ਆਈ ਹੈ

ਨਵੀ ਦਿੱਲੀ -(ਲੋਕ ਬਾਣੀ) ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਪੀਐਮ ਨਰਿੰਦਰ ਮੋਦੀ ਦੇ ਬਿਆਨ ਦਾ ਜਵਾਬ ਦਿੰਦੇ ਹੋਏ ਕਿਹਾ ਕਿ ਆਪਦਾ ਦਿੱਲੀ ਵਿੱਚ ਨਹੀਂ, ਭਾਜਪਾ ਵਿੱਚ ਆਈ ਹੈ। ਭਾਜਪਾ ਕੋਲ ਨਾ ਤਾਂ ਮੁੱਖ ਮੰਤਰੀ ਦਾ ਚਿਹਰਾ ਹੈ ਅਤੇ ਨਾ ਹੀ ਏਜੰਡਾ। ਸਾਬਕਾ ਸੀਐਮ ਨੇ ਕਿਹਾ- ਅਸੀਂ ਦਿੱਲੀ ਵਿੱਚ ਇੰਨਾ ਕੰਮ ਕੀਤਾ ਹੈ ਕਿ ਅਸੀਂ ਘੰਟਿਆਂ ਤੱਕ ਗਿਣ ਸਕਦੇ ਹਾਂ। ਉਹ (ਪੀਐਮ) ਆਪਣੇ 43 ਮਿੰਟ ਦੇ ਭਾਸ਼ਣ ਵਿੱਚ ਕੋਈ ਕੰਮ ਨਹੀਂ ਗਿਣ ਸਕੇ।



ਕੇਜਰੀਵਾਲ ਨੇ ਇਹ ਜਵਾਬੀ ਹਮਲਾ ਪੀਐਮ ਮੋਦੀ ਦੀ ਰੈਲੀ ਤੋਂ ਡੇਢ ਘੰਟੇ ਬਾਅਦ ਕੀਤਾ। ਦਰਅਸਲ ਮੋਦੀ ਨੇ ਸ਼ੁੱਕਰਵਾਰ ਤੋਂ ਅਸ਼ੋਕ ਵਿਹਾਰ ਚ ਰੈਲੀ ਨਾਲ ਦਿੱਲੀ ਵਿਧਾਨ ਸਭਾ ਚੋਣਾਂ ਦੀ ਸ਼ੁਰੂਆਤ ਕੀਤੀ ਸੀ। ਉਨ੍ਹਾਂ 'ਆਪ' ਨੂੰ ਦਿੱਲੀ ਲਈ ਆਪ ਦੀ ਸਰਕਾਰ' ਦੱਸਿਆ।

ਕੇਜਰੀਵਾਲ ਨੇ ਕਿਹਾ ਕਿ ਦਿੱਲੀ ਚ ਕਾਨੂੰਨ ਵਿਵਸਥਾ ਦਾ ਬੁਰਾ ਹਾਲ ਹੈ। ਗੈਂਗਸਟਰ ਗੋਲੀਆਂ ਚਲਾ ਰਹੇ ਹਨ, ਵਪਾਰੀ ਰੋ ਰਹੇ ਹਨ ਅਤੇ ਸੁਰੱਖਿਆ ਦੀ ਮੰਗ ਕਰ ਰਹੇ ਹਨ। ਮੋਦੀ ਅਤੇ ਸ਼ਾਹ ਦੇ ਕੰਨਾਂ ਤੱਕ ਆਵਾਜ਼ ਨਹੀਂ ਪਹੁੰਚ ਰਹੀ। ਉਨ੍ਹਾਂ ਕਿਹਾ ਕਿ ਮੈਂ ਮੋਦੀ ਜੀ ਨੂੰ ਕਹਿਣਾ ਚਾਹਾਂਗਾ ਕਿ ਜੇਕਰ ਉਨ੍ਹਾਂ ਨੂੰ ਸਰਕਾਰਾਂ ਨਾਲ ਜੁੜਨ ਅਤੇ ਤੋੜਨ ਤੋਂ ਕੁਝ ਸਮਾਂ ਮਿਲੇ ਤਾਂ ਸ਼ਾਹ ਜੀ ਨੂੰ ਦਿੱਲੀ ਦੀ ਸੁਰੱਖਿਆ ਤੇ ਧਿਆਨ ਦੇਣ ਲਈ ਕਹਿਣ। ਜੋ ਕੰਮ ਅਸੀਂ ਕਰ ਰਹੇ ਹਾਂ, ਉਸ ਨੂੰ ਤਬਾਹੀ ਨਹੀਂ ਸਗੋਂ ਬਰਕਤ ਕਿਹਾ ਜਾਂਦਾ ਹੈ।

# ਕਿਸਾਨ ਅੰਦੋਲਨ ਤੇ ਸੁਪਰੀਮ ਕੋਰਟ ਕਮੇਟੀ ਦੀ ਮੀਟਿੰਗ ਰੱਦ, SKM ਨੇ ਹਿੱਸਾ ਲੈਣ ਤੋਂ ਕੀਤਾ ਇਨਕਾਰ

ਚੰਡੀਗੜ੍ਹ- (ਲੋਕ ਬਾਣੀ) ਸੁਪਰੀਮ ਕੋਰਟ ਵੱਲੋਂ ਕਿਸਾਨਾਂ ਨਾਲ ਗੱਲਬਾਤ ਕਰਨ ਲਈ ਗਠਿਤ ਹਾਈ ਪਾਵਰ ਕਮੇਟੀ ਦੀ ਮੀਟਿੰਗ ਮੁਲਤਵੀ ਕਰ ਦਿੱਤੀ ਗਈ ਹੈ। ਕਿਸਾਨ ਜਥੇਬੰਦੀਆਂ ਵੱਲੋਂ ਮੀਟਿੰਗ ਵਿੱਚ ਸ਼ਮੂਲੀਅਤ ਕਰਨ ਤੋਂ ਇਨਕਾਰ ਕਰਨ ਕਾਰਨ ਮੀਟਿੰਗ ਮੁਲਤਵੀ ਕਰ ਦਿੱਤੀ ਗਈ ਹੈ। ਇਹ ਮੀਟਿੰਗ ਸਵੇਰੇ 11 ਵਜੇ ਹੋਣੀ ਸੀ। ਹੁਣ ਕਮੇਟੀ ਨੇ ਸੰਯੁਕਤ ਕਿਸਾਨ ਮੋਰਚਾ ਉਗਰਾਹਾਂ ਨੂੰ 4 ਜਨਵਰੀ ਨੂੰ ਗੱਲਬਾਤ ਲਈ ਸੱਦਾ ਭੇਜਿਆ ਹੈ। ਦੱਸ ਦੇਈਏ ਕਿ ਯੂਨਾਈਟਿਡ ਕਿਸਾਨ ਮੋਰਚਾ ਅੱਜ ਲੁਧਿਆਣਾ ਵਿੱਚ ਇੱਕ ਅਹਿਮ ਮੀਟਿੰਗ ਕਰੇਗਾ।



ਇੱਥੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 39ਵੇਂ ਦਿਨ ਵੀ ਜਾਰੀ ਹੈ। ਉਨ੍ਹਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਡੱਲੇਵਾਲ ਨੇ ਅੱਜ ਸਵੇਰੇ ਇੱਕ ਵੀਡੀਓ ਜਾਰੀ ਕਰਕੇ ਲੋਕਾਂ ਨੂੰ 4 ਜਨਵਰੀ ਨੂੰ ਖਨੌਰੀ ਪਹੁੰਚਣ ਦੀ ਅਪੀਲ ਕੀਤੀ ਹੈ।ਅੱਜ ਸਵੇਰੇ ਜਗਜੀਤ ਸਿੰਘ ਡੱਲੇਵਾਲ ਨੇ ਇਕ ਮਿੰਟ 10 ਸੈਕਿੰਡ ਦੀ ਵੀਡੀਓ ਸਾਂਝੀ ਕਰਕੇ ਲੋਕਾਂ ਨੂੰ 4 ਜਨਵਰੀ ਨੂੰ ਖਨੌਰੀ ਸਰਹੱਦ ਤੇ ਪਹੁੰਚਣ ਦੀ ਅਪੀਲ ਕੀਤੀ ਹੈ ।ਉਨ੍ਹਾਂ ਕਿਹਾ ਕਿ ਤੁਸੀਂ ਸਾਰੇ ਜਾਣਦੇ ਹੋ ਕਿ ਐਮਐਸਪੀ ਦੀ ਲੜਾਈ ਲੜੀ ਜਾ ਰਹੀ ਹੈ। ਹਰ ਦੇਸ਼ ਦੇ ਲੋਕ ਇਸ $♥♦ ਲੜਾਈ ਦਾ ਹਿੱਸਾ ਹਨ ਅਤੇ ਇਸ ਲੜਾਈ ਨੂੰ ਮਜ਼ਬੂਤੀ ਨਾਲ ਲੜਨਾ ਅਤੇ ਜਿੱਤਣਾ ਚਾਹੁੰਦੇ ਹਨ।

ਹੱਥ ਜੋੜ ਕੇ ਮੈਂ ਸਾਰਿਆਂ ਨੂੰ ਬੇਨਤੀ ਕਰਦਾ ਹਾਂ ਕਿ ਮੈਂ 4 ਜਨਵਰੀ ਨੂੰ ਖਨੌਰੀ ਬਾਰਡਰ ਤੇ ਤੁਹਾਡੇ ਸਾਰਿਆਂ ਦੇ ਦਰਸ਼ਨ ਕਰਨਾ ਚਾਹੁੰਦਾ ਹਾਂ। ਕਿਰਪਾ ਕਰਕੇ 4 ਨੂੰ ਮਿਲਣ ਦੀ ਕਿਰਪਾਲਤਾ ਕਰੋ। ਮੈਂ ਤੁਹਾਡੇ ਸਾਰਿਆਂ ਦਾ ਧੰਨਵਾਦੀ ਹੋਵਾਂਗਾ।

# 4 ਜਨਵਰੀ ਨੂੰ ਉਸਾਰੀ ਕਿਰਤੀਆਂ ਲਈ ਛੇਹਰਟਾ ਵਿਖੇ ਲੱਗੇਗਾ ਕੈਂਪ-ਡਿਪਟੀ ਡਾਇਰੈਕਟਰ



ਫ਼ਗਵਾੜਾ (ਸੁਸ਼ੀਲ ਸ਼ਰਮਾ) ਡਿਪਟੀ ਡਾਇਕਟਰ ਗੁਰਜੰਟ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਵਲੋਂ ਵੱਖ ਵੱਖ ਸਹੂਲਤਾਂ ਉਸਾਰੀ ਕਿਰਤੀਆਂ ਨੂੰ ਮੁਹੱਈਆ ਕਰਵਾਈਆਂ ਜਾਂਦੀਆਂ ਹਨ ਅਤੇ ਉਨਾਂ ਨੂੰ ਇਹ ਸਹੂਲਤਾਂ ਪਹੁੰਚਾਉਣ ਲਈ 4 ਜਨਵਰੀ ਨੂੰ ਸਵੇਰੇ 8:30 ਵਜੇ ਤੋਂ 12:00 ਵਜੇ ਤੱਕ ਛੇਹਰਟਾ ਚੌਂਕ ਵਿਖੇ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ। ਉਨਾਂ ਦੱਸਿਆ ਕਿ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਵਲੋਂ ਰਾਜ ਮਿਸਤਰੀ,ਤਰਖਾਣ, ਵੈਲਡਰ, ਇਲੈਕਟ੍ਰੀਸ਼ਨ, ਸੀਵਰਮੈਨ, ਮਾਰਬਲ-ਟਾਇਲਾਂ ਲਗਾਉਣ ਵਾਲੇ, ਫਰਸ਼ ਰਗੜਾਈ ਕਰਨ ਵਾਲੇ, ਪੇਂਟਰ, ਪੀ.ਓ.ਪੀ. ਕਰਨ ਵਾਲੇ,ਸੜਕਾਂ ਬਣਾਉਣ ਵਾਲੇ, ਇਮਾਰਤਾਂ ਅਤੇ ਹੋਰ ਬਣੀਆਂ ਬਿਲਡਿੰਗਾਂ ਨੂੰ ਢਾਹੁਣ ਵਾਲੇ, ਮੁਰੰਮਤ ਅਤੇ ਰੱਖ ਰਖਾਓ ਕਰਨ ਵਾਲੇ,ਭੱਠਿਆਂ ਉੱਤੇ ਕੰਮ ਕਰਨ ਵਾਲੇ ਪਥੇਰ ਕਿਰਤੀ ਆਦਿ ਲਾਭਪਾਤਰੀ ਬਣ ਕੇ ਸਰਕਾਰੀ ਸਕੀਮਾਂ ਦਾ ਲਾਭ ਲੈ ਸਕਦੇ ਹਨ। ਉਨਾਂ ਦੱਸਿਆ ਕਿ ਭਲਾਈ ਸਕੀਮਾਂ ਦਾ ਲਾਭ ਲੈਣ ਲਈ ਉਸਾਰੀ ਕਿਰਤੀ ਦੀ ਉਮਰ ਘੱਟੋ-ਘੱਟ 18 ਤੋਂ 60 ਸਾਲ ਹੋਣੀ ਚਾਹੀਦੀ ਹੈ। ਪਿਛਲੇ ਸਾਲ (12 ਮਹੀਨਿਆਂ) ਦੌਰਾਨ ਉਸਾਰੀ ਕਿਰਤੀ ਵਲੋਂ ਪੰਜਾਬ ਰਾਜ ਵਿੱਚ (ਨਿਰਮਾਣ ਕਾਰਜਾਂ/ਉਸਾਰੀ ਕੰਮਾਂ ਵਿੱਚ ਘੱਟੋ-ਘੱਟ 90 ਦਿਨ ਕੰਮ ਕੀਤਾ ਹੋਵੇ, ਉਹ ਕਿਰਤੀ ਇਸ ਸਕੀਮਾਂ ਦਾ ਲਾਭ ਲੈ ਸਕਦਾ ਹੈ। ਉਨਾਂ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲਾਭਪਾਤਰੀ ਆਪਣੀ ਰਜਿਸਟਰੇਸ਼ਨ ਸੇਵਾ ਕੇਂਦਰ ਰਾਹੀਂ ਜਾਂ ਮੋਬਾਇਲ ਐਪ Punjab Kirti Sahayak ਰਾਹੀਂ ਕਰਵਾ ਸਕਦੇ ਹਨ। ਇਸ ਲਈ ਉਨਾਂ ਪਾਸ ਕਿਰਤੀ ਦਾ ਆਧਾਰ ਕਾਰਡ, ਜਨਮਮਿਤੀ ਦਾ ਸਬੂਤ ਹੋਣਾ ਲਾਜ਼ਮੀ ਹੈ। ਉਨਾਂ ਦੱਸਿਆ ਕਿ ਰਜਿਸਟਰੇਸ਼ਨ ਹੋਣ ਵਾਲੇ ਉਸਾਰੀ ਕਿਰਤੀਆਂ ਨੂੰ ਵਜੀਫਾ ਸਕੀਮ,ਸ਼ਗਨ ਸਕੀਮ,ਪ੍ਰਸੂਤਾ ਲਾਭ ਸਕੀਮ,ਬਾਲੜੀ ਤੋਹਫਾ ਸਕੀਮ,ਦਾਹ ਸੰਸਕਾਰ ਸਕੀਮ,ਜਨਰਲ ਸਰਜਰੀ,ਯਾਤਰਾ ਭੱਤਾ, ਪੈਨਸ਼ਨ ਸਕੀਮ,ਟੂਲ ਕਿੱਟ ਸਕੀਮ,ਐਨਕ/ਦੰਦ/ਸੁਣੰਨ ਦੇ ਯੰਤਰ ਅਤੇ ਪੜ੍ਹਾਈ ਅਤੇ ਖੇਡਾਂ ਵਿੱਚ ਸ਼ਲਾਘਾਯੋਗ ਪ੍ਰਦਰਸ਼ਨ ਕਰਨ ਤੇ ਲਾਭ ਪ੍ਰਾਪਤ ਕਰ ਸਕਦਾ ਹੈ।

# ਬਲੱਡ ਬੈਂਕ ਫਗਵਾੜਾ 'ਚ ਲਗਾਇਆ ਦੰਦਾਂ ਤੇ ਜਬਾੜਿਆਂ ਦਾ 444ਵਾਂ ਲੜੀਵਾਰ ਕੈਂਪ



ਫਗਵਾੜਾ ( ਸੁਸ਼ੀਲ ਸ਼ਰਮਾ ) ਉਦਯੋਗਪਤੀ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਸਥਾਨਕ ਗੁਰੂ ਹਰਗੋਬਿੰਦ ਨਗਰ ਵਿਖੇ ਸੰਚਾਲਿਤ ਬਲੱਡ ਬੈਂਕ ਵਿੱਚ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਮਿੱਠੀ ਯਾਦ ਨੂੰ ਸਮਰਪਿਤ 444ਵਾਂ ਦੰਦਾਂ ਅਤੇ ਜਬਾੜਿਆਂ ਦਾ ਫਰੀ ਕੈਂਪ ਬਲਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਲਗਾਇਆ ਗਿਆ। ਜਿਸ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਸਮਾਜ ਸੇਵਕ ਵਿਨੋਦ ਮੜੀਆ ਨੇ ਦੀਪ ਪ੍ਰਜੱਵਲਿਤ ਕਰਕੇ ਕੀਤਾ। ਉਹਨਾਂ ਆਪਣੇ ਕਰ ਕਮਲਾਂ ਨਾਲ 8 ਲੋੜਵੰਦਾਂ ਨੂੰ ਨਵੇਂ ਤਿਆਰ ਕੀਤੇ ਜਬਾੜੇ ਵੀ ਵੰਡੇ। ਮੁੱਖ ਮਹਿਮਾਨ ਦਾ ਸਵਾਗਤ ਰੋਟੇਰੀਅਨ ਐਸ.ਪੀ. ਸੇਠੀ ਵਲੋਂ ਕੀਤਾ ਗਿਆ। ਕੈਂਪ ਦੌਰਾਨ ਸੀ.ਐਮ.ਸੀ ਲੁਧਿਆਣਾ ਤੋਂ ਡਾ. ਸਾਹਿਲ ਪਾਲ ਦੀ ਅਗਵਾਈ ਹੇਠ ਪਹੁੰਚੀ ਮਾਹਿਰ ਡਾਕਟਰਾਂ ਦੀ 25 ਮੈਂਬਰੀ ਮੋਬਾਈਲ ਟੀਮ ਨੇ 100 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ। ਲੋੜਵੰਦਾਂ ਦੇ ਦੰਦ ਸਾਫ਼ ਕੀਤੇ ਗਏ ਅਤੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਮਰੀਜਾਂ ਦੇ ਖਰਾਬ ਹੋਏ ਦੰਦਾਂ ਦੀ ਭਰਾਈ ਵੀ ਕੀਤੀ ਗਈ। ਕੈਂਪ ਦੌਰਾਨ 25 ਨਵੇਂ ਜਬਾੜੇ ਬਣਾਉਣ ਦੀ ਦੂਸਰੀ ਪ੍ਰਕਿਰਿਆ ਪੂਰੀ ਕੀਤੀ ਗਈ। ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 15 ਜਨਵਰੀ ਦਿਨ ਬੁੱਧਵਾਰ ਨੂੰ ਲਗਾਇਆ ਜਾਵੇਗਾ। ਇਸ ਮੌਕੇ ਕੁਲਦੀਪ ਦੁੱਗਲ, ਗੁਲਸ਼ਨ ਕਪੂਰ, ਕ੍ਰਿਸ਼ਨ ਕੁਮਾਰ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਨਰਿੰਦਰ ਸਿੰਘ ਸੈਣੀ, ਵਿਸ਼ਵਾਮਿੱਤਰ ਸ਼ਰਮਾ ਅਤੇ ਰਮਨ ਨਹਿਰਾ ਆਦਿ ਹਾਜ਼ਰ ਸਨ।

# ਅੰਗਹੀਣਾਂ ਦੀ ਸੇਵਾ 'ਚ ਕੇ.ਐਲ. ਚਾਂਦ ਟਰੱਸਟ ਦੇ ਨੇਕ ਉਪਰਾਲੇ ਸ਼ਲਾਘਾਯੋਗ - ਡਾ. ਰਾਜਨ



ਫਗਵਾੜਾ ( ਸੁਸ਼ੀਲ ਸ਼ਰਮਾ) ਅੰਗਹੀਣਾਂ ਦੀ ਸੇਵਾ ਨੂੰ ਸਮਰਪਿਤ ਸਮਾਜ ਸੇਵੀ ਜੱਥੇਬੰਦੀ ਕੇ.ਐੱਲ ਚਾਂਦ ਵੈਲਫੇਅਰ ਟਰੱਸਟ ਯੂ.ਕੇ ਦੀ ਪੰਜਾਬ ਇਕਾਈ ਵਲੋਂ ਨਵਾਂ ਸਾਲ ਇਕ ਲੋੜਵੰਦ ਅੰਗਹੀਣ ਨੂੰ ਟਰਾਈ ਸਾਇਕਲ ਭੇਂਟ ਕਰਦਿਆਂ ਮਨਾਇਆ ਗਿਆ। ਟਰੱਸਟ ਦੇ ਸੂਬਾ ਕੋਆਡੀਨੇਟਰ ਰਜਿੰਦਰ ਕੁਮਾਰ ਬੰਟੀ ਦੀ ਅਗਵਾਈ ਹੇਠ ਮਹੁੱਲਾ ਧਰਮਕੋਟ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਆਯੋਜਿਤ ਸਮਾਗਮ ਦੌਰਾਨ ਮੁੱਖ ਮਹਿਮਾਨ ਵੱਜੋਂ ਅੱਖਾਂ ਦੇ ਮਾਹਿਰ ਡਾਕਟਰ ਐੱਸ ਰਾਜਨ ਨੇ ਸ਼ਿਰਕਤ ਕੀਤੀ ਜਦਕਿ ਵਾਰਡ ਕੌਂਸਲਰ ਬੀਰਾ ਰਾਮ ਵਲਜੋਤ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਡਾ. ਐੱਸ. ਰਾਜਨ ਨੇ ਟਰੱਸਟ ਵੱਲੋਂ ਕੀਤੇ ਜਾਂਦੇ ਸਮਾਜ ਭਲਾਈ ਦੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਸਾਨੂੰ ਸਾਰਿਆ ਨੂੰ ਇਹੋ ਜਿਹੇ ਸਮਾਜ ਭਲਾਈ ਦੇ ਕਾਰਜਾਂ ਵਿਚ ਹਿੱਸਾ ਪਾਉਣਾ ਚਾਹੀਦਾ ਹੈ। ਜੋ ਵੀ ਸੰਸਥਾਵਾਂ ਨਿਸ਼ਕਾਮ ਭਾਵਨਾ ਦੇ ਨਾਲ ਲੋੜਵੰਦਾਂ ਦੀ ਸੇਵਾ ਅਤੇ ਸਹਾਇਤਾ ਕਰ ਰਹੀਆਂ ਹਨ, ਉਹਨਾਂ ਨੂੰ ਆਪਣੀ ਨੇਕ ਕਮਾਈ ਵਿਚੋਂ ਆਰਥਕ ਮੱਦਦ ਰਾਹੀਂ ਹੌਸਲਾ ਅਫਜਾਈ ਜ਼ਰੂਰ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਇਸ ਤਰ੍ਹਾਂ ਦੇ ਨੇਕ ਉਪਰਾਲੇ ਹਮੇਸ਼ਾ ਜਾਰੀ ਰ ਹਿਣ। ਉਨਾਂ ਖਾਸ ਤੌਰ ਤੇ ਟਰੱਸਟ ਦੇ ਸੰਸਥਾਪਕ ਕੇ.ਐੱਲ ਚਾਂਦ ਵਲੋਂ ਅਜਿਹੀ ਨੇਕ ਪਹਿਲ ਲਈ ਉਹਨਾਂ ਨੂੰ ਆਪਣੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਵਾਰਡ ਕੌਂਸਲਰ ਬੀਰਾ ਰਾਮ ਵਲਜੋਤ ਨੇ ਵੀ ਰਾਜਿੰਦਰ ਕੁਮਾਰ ਬੰਟੀ ਅਤੇ ਉਹਨਾਂ ਦੀ ਟੀਮ ਦੇ ਇਸ ਉਪਰਾਲੇ ਨੂੰ ਸ਼ਲਾਘਾਯੋਗ ਦੱਸਿਆ ਅਤੇ ਸਮੂਹ ਹਾਜਰੀਨ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ। ਟਰੱਸਟ ਦੇ ਸੂਬਾ ਕੋਆਡੀਨੇਟਰ ਰਜਿੰਦਰ ਕੁਮਾਰ ਬੰਟੀ ਨੇ ਪਤਵੰਤਿਆਂ ਅਤੇ ਸਮੂਹ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਟਰੱਸਟ ਦੇ ਦੇਸ਼-ਵਿਦੇਸ਼ ਵਿਚ ਵੱਸਦੇ ਸਮੂਹ ਮੈਂਬਰਾਂ ਅਤੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਇਹ ਨੇਕ ਉਪਰਾਲੇ ਅੱਗੇ ਵੀ ਜਾਰੀ ਰੱਖਣਗੇ। ਇਸ ਮੌਕੇ ਟਰੱਸਟ ਕੈਸ਼ੀਅਰ ਆਸ਼ਾ ਰਾਣੀ, ਹਰਜਿੰਦਰ ਗੋਗਨਾ, ਤਾਰਾ ਚੰਦ ਚੁੰਬਰ, ਜਸਵਿੰਦਰ ਸਿੰਘ ਠੇਕੇਦਾਰ ਅਕਾਲਗੜ੍ਹ, ਲਾਇਨ ਗੁਰਦੀਪ ਕੰਗ, ਜਸਵਿੰਦਰ ਢੱਡਾ, ਸ਼ਿੰਗਾਰਾ ਰਾਮ, ਗੁਰਨਾਮ ਲਾਲ ਅਕਾਲਗੜ੍ਹ, ਕੈਲਵਿਨ ਚੁੰਬਰ, ਜੱਸੀ ਅਕਾਲਗੜ੍ਹ, ਅਜਾਇਬ ਸਿੰਘ ਆਰਕੀਟੈਕਟ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜਰ ਸਨ।

# ਪਿੰਡ ਬਘਾਣਾ ਦੀ ਪੰਚਾਇਤ ਨੇ ਬੀ.ਡੀ. ਪੀ.ਓ. ਦਫਤਰ 'ਚ ਮਨਾਇਆ ਨਵਾਂ ਸਾਲ



ਫਗਵਾੜਾ ( ਸੁਸ਼ੀਲ ਸ਼ਰਮਾ ) ਪਿੰਡ ਬਘਾਣਾ ਦੀ ਪੰਚਾਇਤ ਵਲੋਂ ਨਵੇਂ ਸਾਲ ਮੌਕੇ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਦੇ ਅਧਿਕਾਰੀਆਂ ਅਤੇ ਸਟਾਫ ਦਾ ਮੂੰਹ ਮਿੱਠਾ ਕਰਵਾ ਕੇ ਸ਼ੁੱਭ ਇੱਛਾਵਾਂ ਦਿੱਤੀਆਂ ਗਈਆਂ। ਬੀ.ਡੀ.ਪੀ.ਓ. ਰਾਮਪਾਲ ਰਾਣਾ ਅਤੇ ਸਮੂਹ ਸਟਾਫ ਵਲੋਂ ਵੀ ਸਰਪੰਚ ਬਲਵਿੰਦਰ ਸਿੰਘ ਅਤੇ ਪੰਚਾਇਤ ਮੈਂਬਰਾਂ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ ਗਈ। ਬੀ.ਡੀ. ਪੀ.ਓ. ਰਾਮਪਾਲ ਰਾਣਾ ਨੇ ਕਿਹਾ ਕਿ ਨਵਾਂ ਸਾਲ ਨਵੀਆਂ ਉਮੀਦਾਂ, ਸੁਪਨਿਆਂ ਅਤੇ ਖੁਸ਼ਹਾਲੀ ਦੀ ਸ਼ੁਰੂਆਤ ਦਾ ਪ੍ਰਤੀਕ ਹੈ। ਜੋ ਕਿ ਨਵਾਂ ਜੋਸ਼, ਅੱਗੇ ਵਧਣ ਦਾ ਸੁਨੇਹਾ ਪ੍ਰਦਾਨ ਕਰਦਾ ਹੈ। ਉਹਨਾਂ ਭਰੋਸਾ ਦਿੱਤਾ ਕਿ ਸਾਲ 2025 ਵਿਚ ਸਰਕਾਰੀ ਗ੍ਰਾਂਟਾਂ ਦੇ ਨਾਲ ਪਿੰਡਾਂ ਦੇ ਸਰਬ ਪੱਖੀ ਵਿਕਾਸ ਨੂੰ ਹੋਰ ਗਤੀ ਦਿੱਤੀ ਜਾਵੇਗੀ। ਇਸ ਮੌਕੇ ਉਨ੍ਹਾਂ ਨਾਲ ਪੰਚਾਇਤ ਅਫ਼ਸਰ ਜਗਜੀਤ ਸਿੰਘ, ਪੰਚਾਇਤ ਸੈਕਟਰੀ ਮਲਕੀਤ ਚੰਦ, ਸੁਲੱਖਣ ਸਿੰਘ ਟੀ.ਸੀ., ਪੰਚਾਇਤ ਸਕੱਤਰ ਸੰਜੀਵ ਕੁਮਾਰ, ਅਮਨਦੀਪ ਜੇ.ਈ., ਅਨਿਲ ਕੁਮਾਰ ਜੇ.ਈ., ਮਨਜੀਤ ਕੌਰ ਸੀ.ਓ., ਪਟਵਾਰੀ ਸੁਰਿੰਦਰ ਕੁਮਾਰ ਆਦਿ ਹਾਜਰ ਸਨ।

# ਲਾਇਨਜ ਕਲੱਬ ਫਗਵਾੜਾ ਵਿਸ਼ਵਾਸ ਨੇ 'ਫੂਡ ਫਾਰ ਹੰਗਰ' ਪ੍ਰੋਜੈਕਟ ਰਾਹੀਂ ਨਵੇਂ ਸਾਲ ਨੂੰ ਕਿਹਾ ਖੁਸ਼ਆਮਦੀਦ

ਫਗਵਾੜਾ ( ਸੁਸ਼ੀਲ ਸ਼ਰਮਾ ) ਲਾਇਨਜ ਇੰਟਰਨੈਸ਼ਨਲ 321-ਡੀ ਦੀ ਇਲੈਵਨ ਸਟਾਰ ਸਪੈਸ਼ਲ ਸਟੇਟਸ ਮਾਡਲ ਲਾਇਨਜ ਕਲੱਬ ਫਗਵਾੜਾ ਵਿਸ਼ਵਾਸ ਵਲੋਂ ਨਵੇਂ ਸਾਲ ਦੀ ਆਮਦ ਮੌਕੇ ਲਾਇਨ ਬਲਵਿੰਦਰ ਸਿੰਘ ਅਤੇ ਲਾਇਨ ਸੁਸ਼ੀਲ ਸ਼ਰਮਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਫਗਵਾੜਾ 'ਚ ਇਲਾਜ ਅਧੀਨ ਮਰੀਜਾਂ ਨੂੰ ਦੁੱਧ ਅਤੇ ਬਿਸਕੁਟ ਵੰਡੇ ਗਏ। ਇਸੇ ਤਰ੍ਹਾਂ ਦੂਸਰੇ ਪ੍ਰੋਜੈਕਟ 'ਫੂਡ ਫਾਰ ਹੰਗਰ' ਤਹਿਤ ਬਿਰਧ ਆਸ਼ਰਮ ਵਿਰਕ ਵਿਖੇ ਰਹਿਣ ਵਾਲੇ ਬਜੁਰਗਾਂ ਨੂੰ ਦੁੱਧ, ਫਲ ਤੇ ਰਸ ਵੰਡੇ ਗਏ। ਕਲੱਬ ਮੈਂਬਰਾਂ ਨੇ ਮਰੀਜਾਂ ਅਤੇ ਆਸ਼੍ਰਿਤਾਂ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ ਅਤੇ ਉਹਨਾਂ ਦਾ ਹਾਲਚਾਲ ਪੁੱਛਿਆ। ਕਲੱਬ ਦੇ ਚਾਰਟਰ ਪ੍ਰਧਾਨ ਅਤੇ ਪੀ.ਆਰ.ਓ. ਲਾਇਨ ਸੁਸ਼ੀਲ ਸ਼ਰਮਾ ਨੇ ਦੱਸਿਆ ਕਿ ਪਹਿਲਾ ਪ੍ਰੋਜੈਕਟ ਬੱਚਿਆਂ ਦੇ ਜਨਮ ਦਿਨ ਨੂੰ ਸਮਰਪਿਤ ਕਰਕੇ ਕੀਤਾ ਗਿਆ ਜਦਕਿ ਦੂਸਰਾ ਪ੍ਰੋਜੈਕਟ ਲਾਇਨਜ ਇੰਟਰਨੈਸ਼ਨਲ ਦਾ ਸਥਾਈ ਪ੍ਰੋਜੈਕਟ ਹੈ। ਉਹਨਾਂ ਭਰੋਸਾ ਦਿੱਤਾ ਕਿ ਭਵਿੱਖ ਵਿਚ ਵੀ ਅਜਿਹੇ ਉਪਰਾਲੇ ਜਾਰੀ ਰੱਖੇ ਜਾਣਗੇ। ਇਸ ਮੌਕੇ ਲਾਇਨਜ ਸਕੱਤਰ ਅਸ਼ਵਨੀ ਸ਼ਰਮਾ, ਜੋਨ ਚੇਅਰਮੈਨ ਇੰਦਰਜੀਤ ਸਿੰਘ, ਰਿਜਨ ਚੇਅਰਮੈਨ ਲਾਇਨ ਚਮਨ ਲਾਲ, ਲਾਇਨ ਅਵਤਾਰ ਸਿੰਘ, ਲਾਇਨ ਪ੍ਰਦੀਪ ਸਿੰਘ, ਲਾਇਨ ਨਵੋਦਿਤ ਸ਼ਰਮਾ,






ਸ਼ਿਵ ਸ਼ਰਮਾ, ਸੁਖਜੀਤ ਸਿੰਘ ਤੇ ਸੁੱਖਾ ਆਦਿ ਹਾਜਰ ਸਨ

# ਸਿਵਲ ਸਰਜਨ ਵਲੋਂ ਸਿਵਲ ਮਿਲਟਰੀ ਮੈਡੀਕਲ ਕੈਂਪ ਦੀ ਤਿਆਰੀਆਂ ਦੀਆਂ ਸਮੀਖਿਆ



ਕਪੂਰਥਲਾ/ਫਗਵਾੜਾ, -(ਸੁਸ਼ੀਲ ਸ਼ਰਮਾ ) ਜਿਲਾ ਪ੍ਰਸ਼ਾਸਨ ਵੱਲੋਂ ਸਿਹਤ ਵਿਭਾਗ ਕਪੂਰਥਲਾ ਅਤੇ 58 ਆਰਮਜਡ ਬੀਡੀਈ ਦੇ ਸਹਿਯੋਗ ਨਾਲ ਸਾਂਝੇ ਤੌਰ ਤੇ ਸਿਵਲ ਮਿਲਟਰੀ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਪਾਂਚਾਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਲੱਗਣ ਵਾਲੇ ਇਸ ਕੈਂਪ ਦਾ ਆਯੋਜਨ 8 ਜਨਵਰੀ ਨੂੰ ਸਬ ਡਵੀਜ਼ਨਲ ਹਸਪਤਾਲ ਸੁਲਤਾਨਪੁਰ ਲੋਧੀ ਵਿਖੇ ਕੀਤਾ ਜਾਏਗਾ। ਇਸ ਸੰਬਧ ਚ ਇਕ ਮੀਟਿੰਗ ਦਾ ਆਯੋਜਨ ਸਿਵਲ ਸਰਜਨ ਕਪੂਰਥਲਾ ਡਾਕਟਰ ਰਿਚਾ ਭਾਟੀਆ ਦੀ ਰਹਿਨੁਮਾਈ ਹੇਠ ਕੀਤਾ ਗਿਆ। ਇਸ ਦੌਰਾਨ ਮੇਜਰ ਜੀ ਐੱਸ ਗਿੱਲ ਤੇ ਸੀਨੀਅਰ ਮੈਡੀਕਲ ਅਫ਼ਸਰ ਮਿਲਟਰੀ ਕੈਂਪ ਮੇਜਰ ਦਿਲੀਪ,ਜਿਲਾ ਪਰਿਵਾਰ ਭਲਾਈ ਅਫ਼ਸਰ ਡਾਕਟਰ ਅਸ਼ੋਕ ਕੁਮਾਰ,ਐਸਐਮਓ ਡਾ. ਡੀ.ਪੀ ਸਿੰਘ ਵੀ ਹਾਜ਼ਰ ਸਨ। ਇਸ ਦੌਰਾਨ ਸੁਲਤਾਨਪੁਰ ਲੋਧੀ ਵਿਖੇ ਲੱਗਣ ਵਾਲੇ ਇਸ ਕੈਂਪ ਬਾਰੇ ਵਿਚਾਰ ਚਰਚਾ ਕੀਤੀ ਗਈ। ਸਿਵਲ ਸਰਜਨ ਕਪੂਰਥਲਾ ਡਾਕਟਰ ਰਿਚਾ ਭਾਟੀਆ ਨੇ ਦਸਿਆ ਕਿ ਇਸ ਦੌਰਾਨ ਵੱਖ ਵੱਖ ਬਿਮਾਰੀਆਂ ਦੇ ਮਾਹਰ ਡਾਕਟਰ ਮਰੀਜ਼ਾਂ ਦੀ ਜਾਂਚ ਕਰਨਗੇ। ਇਹੀ ਨਹੀਂ ਮਿਲਟਰੀ ਵੱਲੋਂ ਸਾਬਕਾ ਫੌਜੀਆਂ ਲਈ ਵੀ ਮੁਫ਼ਤ ਸਿਹਤ ਸਹੂਲਤਾਂ ਉਪਲਬਧ ਰਹਿਣਗੀਆਂ ਅਤੇ ਆਰਮੀ ਵਿੰਗ ਵੱਲੋਂ ਫੌਜੀਆਂ ਦੀ ਸਹੂਲਤ ਲਈ ਵਿਸ਼ੇਸ਼ ਸਟਾਲ ਲਗਾਏ ਜਾਣਗੇ।

ਸਿਹਤ ਵਿਭਾਗ ਵੱਲੋਂ ਮੁਫ਼ਤ ਸਿਹਤ ਸਹੂਲਤਾਂ ਨਾਲ ਸਬੰਧਤ ਪ੍ਰਦਰਸ਼ਨੀ ਦਾ ਆਯੋਜਨ ਵੀ ਇਸ ਮੌਕੇ ਕੀਤਾ ਜਾਏਗਾ।

ਇਸ ਸੰਬਧੀ ਕੈਂਪ ਸਥਲ ਦਾ ਦੌਰਾ ਵੀ ਕੀਤਾ ਗਿਆ ਤੇ ਤਿਆਰੀਆਂ ਸਬੰਧੀ ਚਰਚਾ ਕੀਤੀ ਗਈ। ਇਸ ਮੌਕੇ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਡੀ.ਪੀ ਸਿੰਘ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਭਾਗ ਸਿੰਘ,ਸੁਪਰਡੈਂਟ ਰਾਮ ਅਵਤਾਰ,ਡੀਪੀਐਮ ਵਿਨੇ ਮੱਲਣ੍ਹ,ਐਮਐਂਡਈਓ ਰਾਮ ਸਿੰਘ,ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ,ਸੁਖਦਿਆਲ ਸਿੰਘ, ਫਾਰਮੇਸੀ ਅਫ਼ਸਰ ਅਮਰਿੰਦਰ ਸਿੰਘ,ਬੀਸੀਸੀ ਜੋਤੀ ਅਨੰਦ,ਬੀਈਈ ਰਵਿੰਦਰ ਜੱਸਲ,

# ਖਰੜ-ਕੁਰਾਲੀ ਹਾਈਵੇਅ ਤੇ ਸੀਵਰੇਜ਼ ਦੇ ਗੰਦੇ ਪਾਣੀ ਦਾ ਜਲਦੀ ਹੱਲ ਕੀਤਾ ਜਾਵੇ: ਗੁਰਿੰਦਰ ਸਿੰਘ ਕੈਰੋਂ



ਖਰੜ, (ਕਾਲਾ ਸਿੰਘ ਸੈਣੀ )- ਸੀਨੀਅਰ ਕਾਂਗਰਸੀ ਆਗੂ ਗੁਰਿੰਦਰ ਸਿੰਘ ਕੈਰੋ ਨੇ ਸਰਕਾਰ ਅਤੇ ਸਥਾਨਕ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਕਿ ਖਰੜ-ਕੁਰਾਲੀ ਹਾਈਵੇਅ ਤੇ ਅਮਾਰੀਆ ਮਾਰਕੀਟ ਤੋਂ ਪਹਿਲਾਂ ਜੋ ਸੀਵਰੇਜ਼ ਦੇ ਗੰਦੇ ਪਾਣੀ ਦੀ ਕਾਫੀ ਸਮੇਂ ਤੋਂ ਸਮੱਸਿਆ ਚਲੀ ਆ ਰਹੀ ਹੈ, ਉਸਦਾ ਫੌਰੀ ਹੱਲ ਕੀਤਾ ਜਾਵੇ। ਉਨਾਂ ਕਿਹਾ ਕਿ ਪਿਛਲੇ ਕਾਫੀ ਸਮੇਂ ਹਾਈਵੇਅ ਸੜਕ ਦੇ ਨਾਲ ਜੋ ਸਲਿੱਪ ਸੜਕ ਹੈ ਉਸਤੇ ਕਲੋਨੀਆਂ ਦੇ ਸੀਵਰੇਜ ਦਾ ਗੰਦਾ ਪਾਣੀ ਖੁੱਲੇਆਮ ਖੜਾ ਹੈ ਜਿਸ ਕਾਰਨ ਸਲਿੱਪ ਸੜਕ ਤੇ ਆਉਣ ਜਾਣ ਵਾਲਿਆਂ ਨੂੰ ਬੜੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨਾਂ ਸਥਾਨਕ ਪ੍ਰਸ਼ਾਸ਼ਨ, ਨਗਰ ਕੌਂਸਲ ਖਰੜ ਅਤੇ ਸਰਕਾਰ ਦੇ ਸਬੰਧਤ ਵਿਭਾਗ ਨੂੰ ਅਪੀਲ ਕੀਤੀ ਕਿ ਇਸ ਸਮੱਸਿਆ ਦਾ ਜਲਦੀ ਤੋਂ ਜਲਦੀ ਹੱਲ ਕੀਤਾ ਜਾਵੇ।

# ਸਿਵਲ ਹਸਪਤਾਲ ਫਗਵਾੜਾ ਵਿਖੇ ਡਾ ਪ੍ਰਮਿੰਦਰ ਕੌਰ ਨੇ ਬਤੌਰ ਸੀਨੀਅਰ ਮੈਡੀਕਲ ਅਫ਼ਸਰ ਵਜੋਂ ਕਾਰਜਕਾਲ ਸੰਭਾਲਿਆ



ਫਗਵਾੜਾ (ਸੁਸ਼ੀਲ ਸ਼ਰਮਾ ) ਅੱਜ ਸਿਵਲ ਹਸਪਤਾਲ ਫਗਵਾੜਾ ਵਿਖੇ ਨਵ ਨਿਯੁਕਤ ਐਸ ਐਮ ਓ ਡਾ ਪ੍ਰਮਿੰਦਰ ਕੌਰ ਨੇ ਅਪਣਾ ਅਹੁੱਦਾ ਸੰਭਾਲ ਕੰਮਕਾਜ ਸ਼ੁਰੂ ਕੀਤਾ ਇਸ ਮੌਕੇ ਹਸਪਤਾਲ ਦੇ ਡਾਕਟਰਾਂ ਅਤੇ ਸਮੂਹ ਸਟਾਫ ਵਲੋਂ ਉਨ੍ਹਾਂ ਨੂੰ ਗੁਲਦਸਤਾ ਭੇਟ ਕਰ ਨਿੱਘਾ ਸਵਾਗਤ ਕੀਤਾ ਗਿਆ ਇਸ ਮੌਕੇ ਉਨ੍ਹਾਂ ਸਿਵਲ ਹਸਪਤਾਲ ਫਗਵਾੜਾ ਦਾ ਦੌਰਾ ਕਰ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਉਨ੍ਹਾਂ ਕਿਹਾ ਕਿ ਸਾਡਾ ਮੁੱਖ ਟੀਚਾ ਸਰਕਾਰੀ ਹਸਪਤਾਲ ਸਿਹਤ ਕੇਂਦਰਾਂ ਅਤੇ ਐਮਰਜੈਂਸੀ ਸਿਹਤ ਸੇਵਾਵਾਂ ਵਿੱਚ ਸੁਧਾਰ ਕਰਨਾ ਹੈ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਅਤੇ ਇਲਾਜ ਮੁਹੱਈਆ ਕਰਵਾਉਣਾ ਯਕੀਨੀ ਕਰਨਾ ਹੈ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਤਹਿਤ ਪੰਜਾਬ ਦੇ ਸਾਰੇ ਸਬ-ਸਬ- ਡਵੀਜ਼ਨਲ, ਡਵੀਜ਼ਨਲ ਤੇ ਜ਼ਿਲ੍ਹਾ ਹਸਪਤਾਲਾਂ ਵਿੱਚ ਇਲਾਜ ਕਰਵਾਉਣ ਵਾਲੇ ਮਰੀਜ਼ਾਂ ਨੂੰ ਸਾਰੀਆਂ ਦਵਾਈਆਂ ਹਸਪਤਾਲ ਦੇ ਅੰਦਰੋਂ ਹੀ ਮਿਲਣਗੀਆਂ ਅਤੇ ਟੈਸਟ ਵੀ ਹਸਪਤਾਲਾਂ ਵਿੱਚ ਬਿਲਕੁਲ ਮੁਫ਼ਤ ਕੀਤੇ ਜਾ ਰਹੇ ਹਨ ਉਨ੍ਹਾਂ ਸਿਵਲ ਹਸਪਤਾਲ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕੀਤਾ ਤੇ ਮਰੀਜ਼ਾਂ ਤੇ ਉਨ੍ਹਾਂ ਦੇ ਨਾਲ ਹੋਏ ਰਿਸ਼ਤੇਦਾਰਾਂ ਨਾਲ ਗੱਲਬਾਤ ਕੀਤੀ ਇਸ ਦੇ ਨਾਲ ਹੀ ਉਨ੍ਹਾਂ ਹਸਪਤਾਲ ਵਿੱਚ ਸਾਫ਼ ਸਫਾਈ ਰੱਖਣ ਲਈ ਵੀ ਦਿਸ਼ਾ ਨਿਰਦੇਸ਼ ਦਿੱਤੇ ਅਤੇ ਸਰਕਾਰੀ ਹਸਪਤਾਲਾਂ ਦੇ ਡਾਕਟਰਾਂ ਅਤੇ ਹੋਰ ਸਟਾਫ਼ ਨੂੰ ਮਰੀਜ਼ਾਂ ਅਤੇ ਉਨ੍ਹਾਂ ਦੇ ਨਾਲ ਆਉਣ ਵਾਲੇ ਪਰਵਾਰਾਂ ਪ੍ਰਤੀ ਨਰਮ ਰਵੱਈਆ ਵਰਤਣ ਲਈ ਕਿਹਾ ਉਨ੍ਹਾਂ ਨਾਲ ਹੀ ਆਖਿਆ ਕਿ ਸਿਵਲ ਹਸਪਤਾਲ ਫਗਵਾੜਾ ਵਿਖੇ ਡਾਕਟਰ ਅਤੇ ਸਟਾਫ ਦੀ ਘਾਟ ਨੂੰ ਦੂਰ ਕਰਨ ਲਈ ਜਲਦ ਹੀ ਉੱਚ ਅਧਿਕਾਰੀਆਂ ਦੇ ਧਿਆਨ ਹਿੱਤ ਲਿਆਦਾ ਜਾਵੇਗਾ ਇਸ ਮੌਕੇ ਡਾ ਰਵੀ ਕੁਮਾਰ , ਡਾ ਨਰੇਸ਼ ਕੁੰਦਰਾ , ਡਾ ਰਾਜੇਸ਼ ਚੰਦਰ , ਡਾ ਦਰਸ਼ਨ ਬੱਧਨ , ਡਾ ਅੰਕੁਸ਼ ਅਗਰਵਾਲ , ਡਾ ਸਿਮਰਦੀਪ ਕੌਰ , ਡਾ ਸੰਜੀਵ ਲੋਚਨ , ਡਾ ਮਨਜੀਤ ਨਾਗਰਾ , ਡਾ ਆਸ਼ੂ , ਡਾ ਰਾਜਨਦੀਪ ਕੋਰ , ਡਾ ਪ੍ਰਭਜੋਤ ਕੌਰ ਹੈਡ ਨਰਸਿੰਗ ਸਿਸਟਰ ਰੀਟਾ ਬਾਲਾ , ਪ੍ਰਮਿੰਦਰ ਕੌਰ , ਮੈਡਮ ਮੋਨਿਕਾ , ਨਰਿੰਦਰ ਸਿੰਘ ਸੀਨੀਅਰ ਅਸੀਸਟੈਂਟ, ਕੁਲਦੀਪ ਸਿੰਘ ਜੂਨੀਅਰ ਅਸੀਸਟੈਂਟ , ਗੁਰਚਰਨ ਸਿੰਘ ਕਲਰਕ, ਗਗਨਦੀਪ ਕੰਪਿਊਟਰ ਅਪਰੇਟਰ , ਬਲਜਿੰਦਰ ਕੌਰ, ਇਨਫੋਰਮੇਸ਼ਨ ਅਸੀਸਟੈਂਟ, ਸਿੱਧਾਂਤ ਸਭਰਵਾਲ , ਲਵਪ੍ਰੀਤ , ਰਵੀ ਕੁਮਾਰ, ਸੀਤਾ , ਰਮਨ , ਆਤਮਾ ਰਾਮ ਤੋਂ ਇਲਾਵਾ ਮੈਡੀਕਲ ਅਤੇ ਪੈਰਾ ਮੈਡੀਕਲ ਸਟਾਫ ਮੌਜੂਦ ਸਨ

# ਪਿੰਡਾਂ ਦੇ ਵਸਨੀਕਾਂ ਨੂੰ ਪ੍ਰਧਾਨ ਮੰਤਰੀ ਯੋਜਨਾ ਦੇ ਲਾਭ ਦੇਣ ਲਈ ਪਿੰਡ ਰਸਨਹੇੜੀ ਵਿਚ ਲਗਾਇਆ ਕੈਂਪ



ਖਰੜ, ( ਕਾਲਾ ਸਿੰਘ ਸੈਣੀ )- ਬਲਾਕ ਖਰੜ ਦੇ ਪਿੰਡ ਰਸਨਹੇੜੀ ਵਿਖੇ ਪ੍ਰਧਾਨ ਮੰਤਰੀ ਯੋਜਨਾ ਤਹਿਤ ਵੱਖ-ਵੱਖ ਸਕੀਮਾਂ ਤਹਿਤ ਫਾਰਮ ਅਤੇ ਆਯੂਸ਼ਮਨ ਕਾਰਡ ਬਣਾਉਣ ਲਈ ਵਿਸ਼ੇਸ਼ ਤੌਰ ਤੇ ਕੈਂਪ ਲਗਾਇਆ ਗਿਆ ਤਾਂ ਕਿ ਪਿੰਡਾਂ ਦੇ ਵਸਨੀਕ ਕੇਂਦਰ ਸਰਕਾਰ ਦੀਆਂ ਸਕੀਮਾਂ ਦਾ ਲਾਭ ਉਠਾ ਸਕਣ। ਭਾਜਪਾ ਦੇ ਸੀਨੀਅਰ ਆਗੂ ਖੁਸਵੰਤ ਰਾਏ ਗੀਗਾ ਨੇ ਦਸਿਆ ਕਿ ਪ੍ਰਧਾਨ ਮੰਤਰੀ ਦੁਆਰਾ ਦੇਸ਼ ਵਿਚ ਉਲੀਕੀਆਂ ਗਈਆਂ ਵੱਖ ਵੱਖ ਯੋਜਨਾਵਾਂ ਜਿਵੇ ਪੈਨਸ਼ਨ ਯੋਜਨਾ, ਆਯੂਸ਼ਮਨ ਕਾਰਡ, ਕਿਸਾਨ ਨਿਧੀ ਯੋਜਨਾ , ਸਿਹਤ ਯੋਜਨਾ ਸਮੇਤ ਹੋਰ ਬਹੁਤ ਸਾਰੀਆਂ ਯੋਜਨਾ ਵਿਚ ਫਾਰਮ ਭਰੇ ਗਏ ਅਤੇ ਕੇਂਦਰ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਅਤੇ ਯੋਜਨਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨਾਂ ਦਸਿਆ ਕਿ ਅੱਜ ਦੇ ਇਸ ਕੈਂਪ ਵਿਚ ਪਿੰਡ ਰਸਨਹੇੜੀ, ਛੋਟੀ ਰਸਨਹੇੜੀ, ਮਗਰ, ਗੱਬੇਮਾਜਰਾ, ਨੱਗਲਫੈਜਗੜ ਦੇ ਪਿੰਡਾਂ ਦੇ ਵਸਨੀਕਾਂ ਨੇ ਭਾਗ ਲਿਆ ਅਤੇ ਰੋਜ਼ਾਨਾ 5-5 ਪਿੰਡਾਂ ਦੇ ਗਰੁੱਪ ਬਣਾ ਕੇ ਇਹ ਕੈਂਪ ਲਗਾਏ ਜਾ ਰਹੇ ਹਨ। ਉਨਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਨਾਂ ਕੈਂਪਾਂ ਦਾ ਫਾਇਦਾ ਉਠਾਉਣ। ਉਨਾਂ ਦਸਿਆ ਕਿ ਅਗਲਾ ਕੈਂਪ ਵਿਚ ਬਲਾਕ ਖਰੜ ਦੇ ਪਿੰਡ ਮਜਾਤੜੀ ਵਿਖੇ ਲਗਾਇਆ ਜਾ ਰਿਹਾ ਹੈ ਅਤੇ ਇਸ ਤੋਂ ਪਹਿਲਾਂ ਪਿੰਡ ਨਿਆਂ ਸ਼ਹਿਰ ਬਡਾਲਾ, ਮੱਛਲੀ ਕਲਾਂ, ਝੰਜੇੜੀ ਸਮੇਤ ਹੋਰ ਥਾਵਾਂ ਤੇ ਅਜਿਹੇ ਕੈਂਪ ਲਗਾਏ ਜਾ ਚੁੱਕੇ ਹਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਗੁਰਦੁਆਰਾ ਕਲਗੀਧਰ ਸਾਹਿਬ ਖਰੜ ਤੋਂ ਨਗਰ ਕੀਰਤਨ ਸਜਾਇਆ



ਖਰੜ ( ਕਾਲਾਂ ਸਿੰਘ ਸੈਣੀ )- ਦਸ਼ਮੇਸ਼ ਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦੇ ਹੋਏ ਗੁਰਦੁਆਰਾ ਕਲਗੀਧਰ ਸਾਹਿਬ ਆਰੀਆ ਕਾਲਜ ਰੋਡ ਖਰੜ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਸਬੰਧੀ ਜਾਣਕਾਰੀ ਦੰਦੇ ਹੋਏ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਰਿੰਦਰ ਸਿੰਘ ਮੈਣੀ ਨੇ ਦੱਸਿਆ ਕੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਗੁਰਪੁਰਬ ਸਮਾਗਮ ਕਰਾਇਆ ਜਾ ਰਿਹਾ ਜਿਸ ਦੇ ਸਬੰਧ ਵਿੱਚ ਅੱਜ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਪੱਕਾ ਦਰਵਾਜ਼ਾ, ਮੇਨ ਬਾਜ਼ਾਰ, ਰੰਧਾਵਾ ਰੋਡ, ਮੰਡੀ ਰੋਡ, ਵਡਾਲਾ ਰੋਡ ਤੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਵਿਖੇ ਪਹੁੰਚਿਆ ਉਹਨਾਂ ਦੱਸਿਆ ਕਿ 6 ਜਨਵਰੀ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੀ ਅਰਦਾਸ ਤੋਂ ਉਪਰਾਤ ਦੀਵਾਨ ਸਜਾਏ ਜਾਣਗੇ ਜਿਨਾਂ ਵਿੱਚ ਭਾਈ ਜਗਤਾਰ ਸਿੰਘ ਜੀ (ਲਾਡੀ), ਅਤੇ ਗੁਰਦੁਆਰਾ ਕਲਗੀਧਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਮਨਪ੍ਰੀਤ ਸਿੰਘ ਜੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਇੰਟਰਨੈਸ਼ਨਲ ਢਾਡੀ ਜੱਥਾ ਚਰਨਜੀਤ ਸਿੰਘ ਚੰਨਾ ਦਾ ਢਾਡੀ ਜਥਾ ਸੰਗਤਾਂ ਨੂੰ ਵੀਰ ਰਸ ਵਾਰਾਂ ਨਾਲ ਸੰਗਤਾਂ ਨੂੰ ਨਹਾਲ ਕਰਨਗੇ।

# ਫਗਵਾੜਾ ਪੁਲਿਸ ਵੱਲੋਂ ਹਥਿਆਰ ਦਿਖਾ ਲੁੱਟਾਂ ਖੋਹਾਂ ਕਰਨ ਵਾਲੇ 03 ਦੋਸ਼ੀ ਖੋਹ ਕੀਤੇ ਸਮਾਨ ਅਤੇ ਹਥਿਆਰ ਸਮੇਤ ਗ੍ਰਿਫਤਾਰ



ਫਗਵਾੜਾ (ਸੁਸ਼ੀਲ ਸ਼ਰਮਾ ) ਗੌਰਵ ਤੂਰਾ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਦੇ ਦਿਸ਼ਾ ਨਿਰਦੇਸ਼ ਹੇਠ ਲੁੱਟਾ ਖੋਹਾ ਕਰਨ ਮਾੜੇ ਅਨਸਰਾਂ ਦੇ ਖਿਲਾਫ ਵਿੱਢੀ ਮੁਹਿੰਮ ਦੇ ਤਹਿਤ ਜ਼ਿਲ੍ਹਾ ਕਪੂਰਥਲਾ ਦੀ ਸਬ ਡਵੀਜਨ ਫਗਵਾੜਾ ਪੁਲਿਸ ਟੀਮ ਵੱਲੋਂ ਲੁੱਟ ਖੋਹਾਂ, 03 ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਐਸ ਪੀ ਰੁਪਿੰਦਰ ਕੌਰ ਭੱਟੀ ਨੇ ਦੱਸਿਆ ਕਿ ਮਿਤੀ 22.12.2024 ਨੂੰ ਹਰਜੀਤ ਕੌਰ ਪਤਨੀ ਹਰਿੰਦਰ ਸਿੰਘ ਵਾਸੀ ਮਕਾਨ ਨੰਬਰ 214 ਬਲਾਕ ਏ ਰਾਜਾ ਗਾਰਡਨ ਕਲੋਨੀ ਥਾਣਾ ਸਤਨਾਮਪੁਰਾ ਫਗਵਾੜਾ ਜ਼ਿਲ੍ਹਾ ਕਪੂਰਥਲਾ ਜੋ ਆਪਣੀ ਗੁਆਢਣ ਸਰੋਜ ਸੰਗੜ ਪਤਨੀ ਸੁਖਦੇਵ ਦੱਤ ਦੇ ਘਰ ਦੇ ਬਾਹਰ ਧੁੱਪ ਸੇਕਣ ਬੈਠੀਆ ਸੀ ਤਾਂ ਉਸ ਦੇ ਘਰ ਤੋਂ ਬਾਹਰ ਦੋ ਮੋਟਰਸਾਈਕਲ ਸਵਾਰ ਲੜਕਿਆਂ ਨੇ ਦਾਤ ਦਿਖਾ ਕੇ ਸੋਨੇ ਦੀ ਚੈਨ ਨੂੰ ਝਪਟ ਮਾਰ ਕੇ ਫਰਾਰ ਹੋ ਗਏ ਸੀ, ਜਿਸ ਤੇ ਨਾਮਲੂਮ ਵਿਅਕਤੀਆਂ ਦੇ ਖਿਲਾਫ ਮੁਕੱਦਮਾ ਨੰਬਰ 163 ਮਿਤੀ 22.12.2024 ਅ/ਧ 304 (2) ਬੀ ਐਨ ਐਸ ਵਾਧਾ ਜੁਰਮ 309(4)317(2) ਬੀ ਐਨ ਐਸ 25-54-59 ਆਰਮਜ਼ ਐਕਟ ਥਾਣਾ ਸਤਨਾਮਪੁਰਾ ਜ਼ਿਲ੍ਹਾ ਕਪੂਰਥਲਾ ਰਜਿਸਟਰ ਕੀਤਾ ਗਿਆ

ਇਸ ਮੁਕੱਦਮਾ ਨੂੰ ਟਰੇਸ ਕਰਨ ਲਈ ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਸੁਪਰਵੀਜਨ ਹੇਠ ਸ੍ਰੀ ਭਾਰਤ ਭੂਸ਼ਣ ਸੈਣੀ ਉਪ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਨਿਗਰਾਨੀ ਐਸ. ਆਈ. ਬਿਸਮਨ ਸਿੰਘ ਸਾਹੀ ਇੰਚਾਰਜ ਸੀ.ਆਈ.ਏ ਸਟਾਫ ਫਗਵਾੜਾ ਅਤੇ ਹਰਦੀਪ ਸਿੰਘ ਮੁੱਖ ਅਫਸਰ ਥਾਣਾ ਸਤਨਾਮਪੁਰਾ ਫਗਵਾੜਾ ਦੀਆ ਵੱਖ ਵੱਖ ਪੁਲਿਸ ਪਾਰਟੀਆਂ ਤਿਆਰ ਕੀਤੀਆ ਗਈਆ ਜਿਹਨਾ ਨੇ ਮਨੁੱਖੀ ਅਤੇ ਟੈਕਨੀਕਲ ਮਦਦ ਦੇ ਆਧਾਰ ਤੇ ਦੋਸ਼ੀ ਮਧੁਰ ਮੱਗੂ ਉਰਫ ਨੰਨੂ, ਗੁਰਪ੍ਰੀਤ ਸਿੰਘ ਉਰਫ ਗੋਰਵ ਵਾਸੀਆਨ ਬਲਾਚੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਪਹਿਚਾਣ ਅਤੇ ਪਤਾ ਟਰੇਸ ਕਰਕੇ ਉਹਨਾ ਦੀ ਰਿਹਾਇਸ਼ ਪਰ ਰੇਡ ਕਰਕੇ ਘਰ ਬਾਹਰੋ ਮੋਟਰਸਾਇਕਲ ਪਰ ਸਵਾਰ ਦੋਨੋ ਉਕਤ ਨੌਜਵਾਨ ਮਧੁਰ ਮੱਗੂ ਉਰਫ ਨੰਨੂ, ਗੁਰਪ੍ਰੀਤ ਸਿੰਘ ਉਰਫ ਗੌਰਵ ਨੂੰ ਉਨਾਂ ਦੇ ਇਕ ਹੋਰ ਸਾਥੀ ਅਫਤਾਬ ਉਰਫ ਸੌਰਵ ਵਾਸੀ ਫਗਵਾੜਾ ਜ਼ਿਲ੍ਹਾ ਕਪੂਰਥਲਾ ਸਮੇਤ ਕਾਬੂ ਕੀਤਾ ਅਤੇ ਵਾਰਦਾਤ ਵਿੱਚ ਵਰਤੇ ਗਏ ਮੋਟਰਸਾਇਕਲ ਮਾਰਕਾ ਸਪਲੈਂਡਰ,ਦਾਤਰ ਅਤੇ ਇੱਕ ਹੋਰ ਖੰਡਾ ਬਰਾਮਦ ਕੀਤਾ ਗਿਆ ਜਿਹਨਾਂ ਨੂੰ ਪੇਸ਼ ਅਦਾਲਤ ਕਰਕੇ ਦਾ 03 ਦਿਨ ਦਾ ਪੁਲਿਸ ਰਿਮਾਂਡ ਹਾਸਿਲ ਕੀਤਾ ਦੌਰਾਨੇ ਪੁਲਿਸ ਰਿਮਾਡ ਵਾਰਦਾਤ ਸਮੇ ਪਹਿਨਾਈਆ ਹੋਈਆ (02 ਜੈਕਟਾਂ ਅਤੇ ਇੱਕ 32 ਬੋਰ ਪਿਸਟਲ ਜੋ ਉਹਨਾ ਦੁਬਾਰਾ ਆਪਣੀ ਪਹਿਚਾਣ ਛੁਪਾਉਣ ਲਈ ਵਾਰਦਾਤ ਤੋਂ ਬਾਅਦ ਉਤਾਰ ਕੇ ਮਨਸਾ ਦੇਵੀ ਮੰਦਰ ਦੇ ਪਿੱਛੇ ਝਾੜੀਆ ਵਿੱਚ ਲੁਕਾ ਛਿਪਾ ਕੇ ਰੱਖੇ ਸਨ ਸਮੇਤ ਇੱਕ ਹੋਰ ਖਿਡਾਉਣਾ ਪਿਸਟਲ ਬਰਾਮਦ ਕਰਵਾਏ ਅਤੇ ਚੋਰੀ ਕੀਤੀ ਗਈ ਚੈਨ ਅਤੇ ਖਿਡਾਉਣਾ ਪਿਸਟਲ ਅਫਤਾਬ ਉਰਫ ਸੌਰਵ ਦੇ ਘਰੋ ਪੇਟੀ ਵਿੱਚ ਬਰਾਮਦ ਕਰਵਾਇਆ ਗਿਆ ਦੋਸ਼ੀਆ ਪਾਸੋ ਦੋਰਾਨੇ ਪੁਲਿਸ ਰਿਮਾਂਡ ਹੋਰ ਵੀ ਵਾਰਦਾਤਾਂ ਬਾਰੇ ਜਾਣਕਾਰੀ ਹਾਸਲ ਹੋਣ ਦੀ ਸੰਭਾਵਨਾ ਹੈ

# ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਇਸਤਰੀਆਂ), ਘੁਮਾਰ ਮੰਡੀ ਚ ਸਨਮਾਨ ਸਮਾਰੋਹ ਆਯੋਜਿਤ



ਲੁਧਿਆਣਾ, (ਸੁਖਚੈਨ ਮਹਿਰਾ) - ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਇਸਤਰੀਆਂ), ਘੁਮਾਰ ਮੰਡੀ, ਲੁਧਿਆਣਾ ਵਿੱਚ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਕਰਵਾਈ ਗਈ ਵਿਗਿਆਨਕ ਚੇਤਨਾ ਪਰਖ ਪ੍ਰੀਖਿਆ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਸਿਖਿਆਰਥੀਆਂ ਦੀ ਹੌਸਲਾ ਅਫਜਾਈ ਲਈ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ।ਸਮਾਰੋਹ ਦੀ ਸ਼ੁਰੂਆਤ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਕਾਰਕੁੰਨਾਂ ਦੇ ਸਵਾਗਤ ਨਾਲ ਹੋਈ। ਭੀਮ ਚੰਦ, ਸੀਨੀਅਰ ਸਹਾਇਕ ਨੇ ਸਭਾ ਵਿੱਚ ਸ਼ਾਮਲ ਮਹਿਮਾਨਾਂ ਨੂੰ ਆਮੰਤ੍ਰਿਤ ਕੀਤਾ। ਇਸ ਮੌਕੇ ਤੇ ਸਿਖਿਆਰਥਣ ਬੇਅੰਤ ਕੌਰ ਨੇ ਪ੍ਰੀਖਿਆ ਦੇ ਸਲੇਬਸ ਅਤੇ ਕਿਤਾਬ ਬਾਰੇ ਆਪਣਾ ਪ੍ਰਤੀਕਰਮ ਪ੍ਰਗਟ ਕੀਤਾ। ਉਸਨੇ ਦੱਸਿਆ ਕਿ ਕਿਤਾਬ ਤੋਂ ਉਨ੍ਹਾਂ ਨੂੰ ਵਡਮੁੱਲੀ ਜਾਣਕਾਰੀ ਪ੍ਰਾਪਤ ਹੋਈ ਹੈ ਜੋ ਜਿੰਦਗੀ ਨੂੰ ਬਿਹਤਰ ਢੰਗ ਨਾਲ ਜਿਉਣ ਲਈ ਰਾਹ ਦਿਖਾਉਂਦੀ ਹੈ।ਦਲਬੀਰ ਕਟਾਣੀ ਨੇ ਵਿਗਿਆਨਕ ਸੋਚ ਅਤੇ ਅਧਿਆਤਮਕ ਸੋਚ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ 'ਤੇ ਸੂਬਾ ਜਥੇਬੰਦਕ ਮੁੱਖੀ ਰਜਿੰਦਰ ਭਦੌੜ ਨੇ ਤਰਕਸ਼ੀਲ ਸੁਸਾਇਟੀ ਦੇ ਉਦੇਸ਼ਾਂ, ਚੁਣੌਤੀਆਂ ਅਤੇ ਪ੍ਰੀਖਿਆ ਦੇ ਮਹੱਤਵ ਬਾਰੇ ਵਿਸਥਾਰ ਨਾਲ ਚਰਚਾ ਕੀਤੀ।ਸਮਾਰੋਹ ਵਿੱਚ ਪਹਿਲੇ ਪੰਜ ਸਥਾਨ ਪ੍ਰਾਪਤ ਕਰਨ ਵਾਲੀਆਂ ਸਿਖਿਆਰਥਣਾਂ ਦਿਲਪ੍ਰੀਤ ਕੌਰ, ਗੁਰਪ੍ਰੀਤ ਕੌਰ, ਬਬਲੀ, ਕਰਮਵੀਰ ਕੌਰ, ਅਰਸ਼ਵੀਰ ਕੌਰ, ਅਤੇ ਬੇਅੰਤ ਕੌਰ ਨੂੰ ਸਨਮਾਨਿਤ ਕੀਤਾ ਗਿਆ। ਆਰਟਸ ਕਾਲਜ ਦੀਆਂ ਵਿਦਿਆਰਥਣਾਂ ਅਤੇ ਸੰਸਥਾ ਦੇ ਸਮੂਹ ਸਟਾਫ ਨੂੰ ਵੀ ਉਨ੍ਹਾਂ ਦੀਆਂ ਉਪਲਬਧੀਆਂ ਲਈ ਸਨਮਾਨਿਤ ਕੀਤਾ ਗਿਆ।ਸਮਾਰੋਹ ਦੇ ਅੰਤ 'ਤੇ ਪ੍ਰਿੰਸੀਪਲ ਅਰਵਿੰਦਰ ਪਾਲ ਸਿੰਘ ਨੇ ਤਰਕਸ਼ੀਲ ਸੁਸਾਇਟੀ ਪੰਜਾਬ ਦਾ ਧੰਨਵਾਦ ਕਰਦਿਆਂ ਸਮਾਰੋਹ ਨੂੰ ਯਾਦਗਾਰ ਅਤੇ ਵਿਲੱਖਣ ਘਟਨਾ ਦੱਸਿਆ। ਇਸ ਪ੍ਰਕਾਰ ਸਮਾਰੋਹ ਸਫਲਤਾ ਪੂਰਵਕ ਸਮਾਪਤ ਹੋਇਆ।

# ਨਵੇਂ ਸਾਲ ਦੇ ਆਮਦ ਦੀ ਖੁਸ਼ੀ ਵਿੱਚ ਥਾਣਾ ਗਿੱਦੜਬਾਹਾ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਪਾਏ ਗਏ ਭੋਗ



ਗਿੱਦੜਬਾਹਾ (ਲੋਕ ਬਾਣੀ) ਨਵੇਂ ਸਾਲ ਦੇ ਆਮਦ ਦੀ ਖੁਸ਼ੀ ਵਿੱਚ ਗਿੱਦੜਬਾਹਾ ਪੁਲਿਸ ਵੱਲੋਂ ਅੱਜ ਥਾਣਾ ਗਿੱਦੜਬਾਹਾ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਗਿੱਦੜਬਾਹਾ ਦੇ ਐਮ ਐਲ ਏ ਸਰਦਾਰ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਮਾਤਾ ਸ੍ਰੀਮਤੀ ਪਰਮਜੀਤ ਕੌਰ ਢਿੱਲੋਂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਕੇ ਗੁਰੂ ਮਹਾਰਾਜ ਜੀ ਦੀ ਹਾਜਰੀ ਭਰੀ ਜਦੋਂ ਕਿ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਅਤੇ ਸੰਗਤਾਂ ਨੇ ਗੁਰੂ ਮਹਾਰਾਜ ਦੀ ਹਜ਼ੂਰੀ ਵਿੱਚ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦਾ ਸਰਵਣ ਕੀਤਾ, ਜਿਸ ਉਪਰੰਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦਾ ਭੋਗ ਪਾਇਆ ਗਿਆ ਅਤੇ ਇਲਾਕੇ ਦੀ ਚੜ੍ਹਦੀ ਕਲਾ ਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸੰਗਤਾਂ ਵਿਚ ਚਾਹ ਪਕੌੜਿਆਂ ਦਾ ਲੰਗਰ ਪ੍ਰਸ਼ਾਦ ਵਰਤਾਇਆ ਗਿਆ। ਇਸ ਮੌਕੇ ਡੀਐਸਪੀ ਸਰਦਾਰ ਅਵਤਾਰ ਸਿੰਘ ਰਾਜਪਾਲ, ਐਸ ਐਚ ਓ ਗਿੱਦੜਬਾਹਾ ਮੈਡਮ ਦੀਪਿਕਾ ਕੰਬੋਜ, ਗੁਰਮੀਤ ਸਿੰਘ ਵਧੀਕ ਮੁੱਖ ਅਫਸਰ ਥਾਣਾ ਗਿੱਦੜਬਾਹਾ, ਲਖਵੀਰ ਸਿੰਘ ਮੁੱਖ ਮੁਨਸ਼ੀ ਥਾਣਾ ਗਿੱਦੜਬਾਹਾ, ਰਾਜਦੀਪ ਸਿੰਘ ਮੁੱਖ ਮੁਨਸ਼ੀ ਮਾਲ ਖਾਨਾ ਥਾਣਾ ਗਿੱਦੜਬਾਹਾ,ਏ,ਐਸ,ਆਈ, ਸੁਖਦੇਵ ਸਿੰਘ,ਏ,ਐਸ,ਆਈ, ਜੰਗ ਸਿੰਘ,ਏਐਸ ਆਈ, ਜਗੀਰ ਸਿੰਘ,ਏਐਸ ਆਈ, ਅੰਗਰੇਜ਼ ਸਿੰਘ, ਜਸਵੀਰ ਸਿੰਘ ਮੁੱਖ ਅਫਸਰ ਥਾਣਾ ਕੋਟਭਾਈ, ਮਲਕੀਤ ਸਿੰਘ ਮੁੱਖ ਮੁਨਸ਼ੀ ਥਾਣਾ ਕੋਟਭਾਈ, ਗੁਰਮੀਤ ਸਿੰਘ ਭੁੱਲਰ ਇੰਚਾਰਜ ਦੋਦਾ ਚੋਕੀ,ਵੇਦ ਪ੍ਰਕਾਸ਼ ਇੰਚਾਰਜ ਚੋਕੀ ਭਾਈਕਾ ਕੇਰਾ, ਏਐਸ ਆਈ,ਰਾਜ ਬਹਾਦਰ ਸਿੰਘ ਇੰਚਾਰਜ ਸਪੈਸ਼ਲ ਸਟਾਫ, ਏਐਸ ਆਈ ਜਗਸੀਰ ਸਿੰਘ ਪੁਰੀ ਇੰਚਾਰਜ ਟ੍ਰੈਫਿਕ ਸੈਲ, ਇੰਸਪੈਕਟਰ ਅੰਗਰੇਜ਼ ਸਿੰਘ ਇੰਚਾਰਜ ਸੀ ਆਈ ਡੀ ਸਹਾਇਕ ਮੁਨਸ਼ੀ ਸਟਾਫ ਜਸਕਰਨ ਸਿੰਘ, ਮਨਪ੍ਰੀਤ ਸਿੰਘ, ਦਪਿੰਦਰ ਸਿੰਘ, ਖੁਸ਼ਦੀਪ ਸਿੰਘ, ਮਨਪ੍ਰੀਤ ਸਿੰਘ, ਅੰਮ੍ਰਿਤਪਾਲ ਸਿੰਘ, ਪੰਜਾਬ ਹੋਮ ਗਾਰਡ ਸਟਾਫ ਦੇ ਕੰਪਨੀ ਕਮਾਂਡਰ ਇਕਬਾਲ ਸਿੰਘ,ਰਾਮ ਜੀ ਲਾਲ,ਰਾਜੂ ਕਿੰਗਰਾ, ਜਸਵੀਰ ਸਿੰਘ, ਅਸ਼ੋਕ ਕੁਮਾਰ, ਛਿੰਦਰਪਾਲ ਸਿੰਘ, ਗੰਨਮੈਨ ਗੁਰਦੀਪ ਸਿੰਘ, ਗੁਰਜੀਤ ਸਿੰਘ, ਮਨਦੀਪ ਸਿੰਘ, ਵਿਧਾਇਕ ਡਿੰਪੀ ਢਿੱਲੋਂ ਦੇ ਨਿੱਜੀ ਸਹਾਇਕ ਐਡਵੋਕੇਟ ਜਗਤਾਰ ਸਿੰਘ ਧਾਲੀਵਾਲ,ਮੰਟੂ ਵਾਲੀਆਂ, ਕੋਆਰਡੀਨੇਟਰ ਬਬਲੂ ਜੁਨੇਜਾ, ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਵਨੀਤ ਜਿੰਦਲ ਮੋਂਟੀ, ਹਰਵਿੰਦਰ ਸਿੰਘ ਕਾਕਾ, ਸ਼ਾਮ ਸੁੰਦਰ ਛਿੰਦੀ, ਕੁਲਵੰਤ ਸਿੰਘ ਮਾਨ, ਅੰਬੇਦਕਰ ਧਰਮਪਾਲ ਧੰਮੀ ਤੋਂ ਇਲਾਵਾ ਵੱਖ ਵੱਖ ਪਿੰਡਾਂ ਦੇ ਸਰਪੰਚ, ਮੈਂਬਰ ਪੰਚ, ਸਾਹਿਬਾਨ ਅਤੇ ਸ਼ਹਿਰ ਨਿਵਾਸੀ ਹਾਜ਼ਰ ਸਨ

# ਡੀ.ਸੀ ਨੇ ਵਿਕਾਸ ਕਾਰਜਾਂ ਦੀ ਸਥਿਤੀ ਦਾ ਜਾਇਜ਼ਾ ਲਿਆ, ਅਧਿਕਾਰੀਆਂ ਨੂੰ ਪੂਰੇ ਹੋਏ ਕੰਮਾਂ ਲਈ ਯੂ.ਸੀ ਜਮ੍ਹਾਂ ਕਰਾਉਣ ਲਈ ਕਿਹਾ



ਲੁਧਿਆਣਾ, (ਸੁਖਚੈਨ ਮਹਿਰਾ) ਜ਼ਿਲ੍ਹੇ ਵਿੱਚ ਚੱਲ ਰਹੇ ਅਤੇ ਪੂਰੇ ਹੋਏ ਵਿਕਾਸ ਪ੍ਰੋਜੈਕਟਾਂ ਦੀ ਸਮੀਖਿਆ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਸ਼ੁੱਕਰਵਾਰ ਨੂੰ ਸਬੰਧਤ ਅਧਿਕਾਰੀਆਂ ਨੂੰ ਸਾਰੇ ਪੂਰੇ ਹੋਏ ਕੰਮਾਂ ਲਈ ਵਰਤੋਂ ਸਰਟੀਫਿਕੇਟ ਜਮ੍ਹਾਂ ਕਰਾਉਣ ਦੇ ਨਿਰਦੇਸ਼ ਦਿੱਤੇ। ਐਸ.ਡੀ.ਐਮਜ਼, ਕਾਰਜਕਾਰੀ ਅਧਿਕਾਰੀਆਂ, ਬਲਾਕ ਵਿਕਾਸ ਅਤੇ ਪੰਚਾਇਤ ਅਫਸਰਾਂ (ਬੀ. ਡੀ.ਪੀ.ਓਜ਼) ਅਤੇ ਹੋਰ ਅਧਿਕਾਰੀਆਂ ਨਾਲ ਬਚਤ ਭਵਨ ਵਿਖੇ ਹੋਈ ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਕਾਸ ਕਾਰਜਾਂ ਤੇ ਕੰਮ ਸ਼ੁਰੂ ਕਰਨ ਦੀ ਮਹੱਤਤਾ ਤੇ ਜ਼ੋਰ ਦਿੱਤਾ ਜਿਸ ਲਈ ਪਹਿਲਾਂ ਹੀ ਆਦੇਸ਼ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਇਨ੍ਹਾਂ ਪ੍ਰੋਜੈਕਟਾਂ ਨੂੰ ਸਮੇਂ ਸਿਰ ਪੂਰਾ ਕਰਨਾ ਜ਼ਰੂਰੀ ਹੈ।

ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀ ਅਮਰਜੀਤ ਬੈਂਸ ਦੇ ਨਾਲ ਸ੍ਰੀ ਜਤਿੰਦਰ ਜੋਰਵਾਲ ਨੇ ਲਾਇਬ੍ਰੇਰੀਆਂ, ਪੇਂਡੂ ਸਕੂਲਾਂ ਵਿੱਚ ਰਸੋਈ ਦੇ ਬਗੀਚੇ, ਛੱਪੜਾਂ ਦੀ ਸਫਾਈ, ਐਮ.ਪੀ ਲੈਂਡ ਅਧੀਨ ਪ੍ਰੋਜੈਕਟਾਂ ਆਦਿ ਸਮੇਤ ਚੱਲ ਰਹੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਨਿਰਮਾਣ ਵਿੱਚ ਗੁਣਵੱਤਾ ਵਾਲੀ ਸਮੱਗਰੀ ਦੀ ਵਰਤੋਂ ਨੂੰ ਤਰਜੀਹ ਦੇਣ ਅਤੇ ਸਮੇਂ ਸਿਰ ਪ੍ਰੋਜੈਕਟ ਪੂਰਾ ਕਰਨ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਹ ਇਨ੍ਹਾਂ ਕੰਮਾਂ ਦੀ ਨਿਯਮਤ ਤੌਰ ਤੇ ਹਫਤਾਵਾਰੀ ਸਮੀਖਿਆ ਕਰਨਗੇ ਅਤੇ ਕਿਸੇ ਵੀ ਅਧਿਕਾਰੀ ਵੱਲੋਂ ਕਿਸੇ ਵੀ ਤਰ੍ਹਾਂ ਦੀ ਕੋਈ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਪਿੰਡ ਕੇਰੀਆ ਵਿੱਚ ਨਸ਼ਾ ਛੁਡਾਊ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵਾਲੀਬਾਲ ਕਿੱਟਾਂ ਵੰਡੀਆਂ



ਕੇਰੀਆ (ਲੋਕ ਬਾਣੀ)- ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਪੜਾਈ ਦੇ ਨਾਲ ਨਾਲ ਖੇਡਾਂ ਵੱਲ ਉਤਸਾਹਿਤ ਕਰਨ ਲਈ ਡਾ ਬੀ. ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਵੱਲੋਂ ਕੇਰੀਆਂ ਪਿੰਡ ਦੇ ਨੌਜਵਾਨਾਂ ਨੂੰ ਬਾਲੀਬਾਲ ਦੀਆਂ ਕਿੱਟਾਂ ਵੰਡੀਆਂ ਗਈਆਂ।

ਇਸ ਮੌਕੇ ਤੇ ਸੋਸਾਇਟੀ ਦੇ ਚੇਅਰਮੈਨ ਅਜੇ ਸਚਦੇਵਾ ਬੰਟੀ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨੌਜਵਾਨ ਕਿਸੇ ਵੀ ਰਾਸ਼ਟਰ ਦੀ ਭਵਿੱਖ ਦਾ ਨਿਰਮਾਣ ਕਰਨ ਵਿੱਚ ਮੂਲ ਭੂਮਿਕਾ ਨਿਭਾਉਂਦੇ ਹਨ। ਇਸ ਲਈ, ਉਨ੍ਹਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਅਤੇ ਖੇਡਾਂ ਵਿੱਚ ਰੁਚੀ ਲੈਣ ਲਈ ਪ੍ਰੇਰਿਤ ਕਰਨਾ ਬਹੁਤ ਜਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵੱਲ ਮੋੜਨ ਨਾਲ ਨੌਜਵਾਨ ਆਪਣੇ ਜੀਵਨ ਨੂੰ ਸੁਧਾਰ ਸਕਦੇ ਹਨ।

ਸੋਸਾਇਟੀ ਦੀ ਜਨਰਲ ਸਕੱਤਰ ਪੂਜਾ ਲੂਥਰਾ ਸਚਦੇਵਾ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਡਾ ਬੀ. ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਦਾ ਮੁੱਖ ਮਕਸਦ ਹੈ ਪਿੰਡ ਦੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਵਿੱਚ ਸਕਾਰਾਤਮਕ ਸੋਚ ਵਿਕਸਿਤ ਕਰਨਾ। ਉਨ੍ਹਾਂ ਨੇ ਕਿਹਾ ਕਿ ਖੇਡਾਂ ਵਿੱਚ ਸ਼ਾਮਿਲ ਹੋਣ ਨਾਲ ਸਿਰਫ ਸਰੀਰਕ ਤੰਦਰੁਸਤੀ ਹੀ ਨਹੀਂ ਸਗੋਂ ਆਤਮ-ਵਿਸ਼ਵਾਸ ਵੀ ਵਧਦਾ ਹੈ।

ਇਸ ਮੌਕੇ ਤੇ ਪਿੰਡ ਦੇ ਨੌਜਵਾਨਾਂ ਨੇ ਸੋਸਾਇਟੀ ਵੱਲੋਂ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਇਹ ਉਨ੍ਹਾਂ ਲਈ ਬਹੁਤ ਵੱਡੀ ਪ੍ਰੇਰਣਾ ਹੈ ਅਤੇ ਉਹ ਇਹ ਵਿਸ਼ਵਾਸ ਦਿਲਾਉਂਦੇ ਹਨ ਕਿ ਉਹ ਨਸ਼ਿਆਂ ਤੋਂ ਦੂਰ ਰਹਿੰਦੇ ਹੋਏ ਖੇਡਾਂ ਵਿੱਚ ਆਪਣੀ ਭਵਿੱਖ ਬਣਾਉਣ ਦੀ ਕੋਸ਼ਿਸ਼ ਕਰੇਗੇ।

ਇਸ ਪ੍ਰੋਗ੍ਰਾਮ ਦੌਰਾਨ ਖੇਡ ਕਿੱਟਾਂ ਦੇ ਨਾਲ-ਨਾਲ ਨੌਜਵਾਨਾਂ ਨੂੰ ਸਿਖਲਾਈ ਦੇ ਅਹਿਮ ਮੂਲ ਸੰਦੇਸ਼ ਵੀ ਦਿੱਤੇ ਗਏ। ਇਹ ਕਦਮ ਪਿੰਡ ਦੇ ਨੌਜਵਾਨਾਂ ਨੂੰ ਨਵੀਂ ਦਿਸ਼ਾ ਦੇਣ ਅਤੇ ਸਮਾਜ ਦੇ ਸੁਧਾਰ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵੱਲ ਇੱਕ ਕਦਮ ਹੈ।

ਸਮਾਗਮ ਦੇ ਆਖਿਰ ਵਿੱਚ, ਪਿੰਡ ਦੇ ਨੌਜਵਾਨਾਂ ਨੇ ਡਾ ਬੀ. ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਦਾ ਦਿਲ ਤੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਕਾਰਜਕ੍ਰਮ ਸਮਾਜਿਕ ਸੁਧਾਰ ਲਈ ਬਹੁਤ ਜਰੂਰੀ ਹਨ।

# 21ਵੀਂ ਪਸ਼ੂਧਨ ਗਣਨਾ ਤਹਿਤ ਜ਼ਿਲ੍ਹੇ ਦੇ ਸ਼ਹਿਰੀ ਇਲਾਕੇ ਦੇ ਵਾਰਡਾਂ 'ਚ ਪਸ਼ੂਧਨ ਦੀ ਗਿਣਤੀ ਲਈ 21 ਗਿਣਤੀਕਾਰ ਨਿਯੁਕਤ



ਜਲੰਧਰ, 3 ਜਨਵਰੀ (ਲੋਕ ਬਾਣੀ): ਸੂਬੇ ਵਿੱਚ ਚੱਲ ਰਹੀ 21ਵੀਂ ਪਸ਼ੂਧਨ ਗਣਨਾ ਤਹਿਤ ਜ਼ਿਲ੍ਹੇ ਦੇ ਸ਼ਹਿਰੀ ਇਲਾਕੇ ਦੇ ਵਾਰਡਾਂ ਵਿੱਚ ਪਸ਼ੂਧਨ ਦੀ ਗਿਣਤੀ ਲਈ ਨਿਯੁਕਤ ਗਿਣਤੀਕਾਰਾਂ ਨੂੰ ਅੱਜ ਗਿਣਤੀ ਸਬੰਧੀ ਟ੍ਰੇਨਿੰਗ ਦੇਣ ਤੋਂ ਇਲਾਵਾ ਵਾਰਡ ਵੀ ਅਲਾਟ ਕੀਤੇ ਗਏ।

ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਹਰੁਨ ਰਤਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੇ ਸ਼ਹਿਰੀ ਇਲਾਕੇ ਦੇ ਵਾਰਡਾਂ ਵਿੱਚ ਪਸ਼ੂਧਨ ਦੀ ਗਿਣਤੀ ਲਈ ਨੈਸ਼ਨਲ ਰੂਰਲ ਲਾਈਵਸਟਾਕ ਮਿਸ਼ਨ ਦੇ ਅਧਿਕਾਰੀਆਂ ਵੱਲੋਂ 21 ਪਸ਼ੂ ਸਖੀਆਂ (ਗਿਣਤੀਕਾਰਾਂ) ਦੀ ਡਿਊਟੀ ਉਨ੍ਹਾਂ ਅਧੀਨ ਪਸ਼ੂਧਨ ਗਣਨਾ ਸਬੰਧੀ ਲਗਾਈ ਗਈ ਹੈ।

ਇਨ੍ਹਾਂ ਗਿਣਤੀਕਾਰਾਂ ਨੂੰ ਅੱਜ ਪਸ਼ੂਧਨ ਗਣਨਾ ਸਬੰਧੀ ਟ੍ਰੇਨਿੰਗ ਕਰਵਾਈ ਗਈ, ਜਿਸ ਦੌਰਾਨ ਜ਼ਿਲ੍ਹਾ ਨੋਡਲ ਅਫਸਰ ਡਾ. ਕਰਨਦੀਪ ਸਿੰਘ ਸੰਘਾ ਵੱਲੋਂ ਗਿਣਤੀ ਸਬੰਧੀ ਦਿਸ਼ਾ-ਨਿਰਦੇਸ਼ਾਂ ਤੋਂ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ ਅਤੇ ਪਸ਼ੂਧਨ ਗਣਨਾ ਦੇ ਕੰਮ ਨੂੰ ਸਮੇਂ ਸਿਰ ਮੁਕੰਮਲ ਕਰਨ ਦੀ ਹਦਾਇਤ ਕੀਤੀ।

ਜਲੰਧਰ ਸ਼ਹਿਰ ਦੇ ਵਾਰਡ ਇਨ੍ਹਾਂ ਪਸ਼ੂ ਸਖੀਆਂ ਨੂੰ ਅਲਾਟ ਕਰ ਦਿੱਤੇ ਗਏ ਹਨ।

ਵਿਭਾਗ ਦੇ ਸਹਾਇਕ ਨਿਰਦੇਸ਼ਕ ਡਾ. ਅਨਿਲ ਕੁਮਾਰ ਨੇ ਸ਼ਹਿਰ ਵਾਸੀਆਂ ਨੂੰ ਇਨ੍ਹਾਂ ਗਿਣਤੀਕਾਰਾਂ ਨੂੰ ਪੂਰਾਸਹਿਯੋਗ ਦੇਣ ਦੀ ਅਪੀਲ ਕੀਤੀ ਤਾਂ ਜੋ ਜ਼ਿਲ੍ਹੇ ਵਿੱਚ 21ਵੀਂ ਪਸ਼ੂਧਨ ਗਣਨਾ ਦਾ ਕੰਮ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ।

# ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੇ ਐਸ ਐਸ ਪੀ ਵੱਲੋਂ ਮੇਲਾਂ ਮਾਘੀ ਦੇ ਸਬੰਧ ਵਿੱਚ ਸੁਰੱਖਿਆ ਪ੍ਰਬੰਧਾਂ ਦਾ ਲਿਆ ਜਾਇਜ਼ਾ ਮੇਲਾ ਮਾਘੀ ਤੇ ਸ਼ਰਧਾਲੂਆਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇ। ਸ੍ਰੀ ਤੁਸ਼ਾਰ ਗੁਪਤਾ ਆਈ ਪੀ ਐਸ





ਮਲੋਟ,ਸ੍ਰੀ ਮੁਕਤਸਰ ਸਾਹਿਬ (ਲੋਕ ਬਾਣੀ) ਮੇਲਾ ਮਾਘੀ ਮਹੀਨੇ ਵਿੱਚ ਚਾਲੀ ਮੁਕਤਿਆਂ ਦੀ ਯਾਦ ਵਿੱਚ ਲੱਗਣ ਵਾਲੇ ਪਵਿੱਤਰ ਅਤੇ ਇਤਿਹਾਸਿਕ ਮਾਘੀ ਮੇਲੇ ਦੇ ਅਗੇਤੇ ਪ੍ਰਬੰਧਾਂ ਦੀ ਆਵਾਜਾਈ ਅਤੇ ਸ਼ਰਧਾਲੂਆਂ ਦੀ ਸੁਰੱਖਿਆ ਪ੍ਰਬੰਧਾਂ ਨੂੰ ਮੁੱਖ ਰੱਖਦਿਆਂ ਅੱਜ ਸ਼੍ਰੀ ਤੁਸ਼ਾਰ ਗੁਪਤਾ ਆਈ,ਪੀ,ਐਸ, ਐਸ,ਐਸ, ਪੀ, ਸ੍ਰੀ ਮੁਕਤਸਰ ਸਾਹਿਬ ਵੱਲੋਂ ਮਾਘੀ ਮੇਲੇ ਮੌਕੇ ਹੋਣ ਵਾਲੇ ਸੁਰੱਖਿਆ ਪ੍ਰਬੰਧਾਂ ਸਬੰਧੀ ਜ਼ਿਲ੍ਹੇ ਦੇ ਸਮੂਹ ਪੁਲਿਸ ਦੇ ਅਧਿਕਾਰੀਆਂ ਨਾਲ ਸ਼ਹਿਰ ਅੰਦਰ ਵੱਖ ਵੱਖ ਥਾਵਾਂ ਤੇ ਦੌਰਾ ਕਰਕੇ ਜਾਇਜ਼ਾ ਲਿਆ ਗਿਆ। ਇਸ ਮੌਕੇ ਐਸ ਐਸ ਪੀ ਸਾਹਿਬ ਨੇ ਦੱਸਿਆ ਕਿ ਮੇਲੇ ਮਾਘੀ ਵਿੱਚ ਆਉਣ ਵਾਲੇ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸੁਰੱਖਿਆ ਦੇ ਪੁਖਤਾ ਇੰਤਜ਼ਾਮ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਮੇਲਾਂ ਮਾਘੀ ਦੌਰਾਨ ਸ਼ਹਿਰ ਅੰਦਰ ਸ਼ਰਧਾਲੂਆਂ ਦੀ ਸੁਰੱਖਿਆ ਲਈ ਹਰ ਸੜਕ ਤੇ ਪੁਲਿਸ ਨਾਕੇ ਲਾਏ ਜਾਣਗੇ ਸ਼ਹਿਰ ਅੰਦਰ ਢੁਕਵੀਂ ਜਗ੍ਹਾ ਤੇ ਪੁਲਿਸ ਸਹਾਇਤਾ ਕੇਂਦਰ ਸਥਾਪਿਤ ਕੀਤੇ ਜਾਣਗੇ ਜਿੱਥੇ 24 ਘੰਟੇ ਸ਼ਰਧਾਲੂਆਂ ਦੀ ਸਹਾਇਤਾ ਲਈ ਪੁਲਿਸ ਮੁਲਾਜ਼ਮ ਤਨਾਇਤ ਰਹਿਣਗੇ

ਉਨ੍ਹਾਂ ਕਿਹਾ ਕਿ ਸ਼ਹਿਰ ਦੇ ਅੰਦਰ ਅਲੱਗ ਅਲੱਗ ਚੌਕਾਂ ਤੇ ਵਾਚ ਟਾਵਰ ਰੱਖੇ ਜਾਣਗੇ ਜਿਨ੍ਹਾਂ ਪਰ ਹਰ ਵੇਲੇ ਪੁਲਿਸ ਮੁਲਾਜ਼ਮ ਦੂਰਬੀਨ ਰਾਹੀਂ ਭੀੜ ਤੇ ਨਿਗ੍ਹਾ ਰੱਖਣਗੇ ਜੋਂ ਕੋਈ ਇਹ ਮੁਸ਼ਕਿਲ ਸਮੇਂ ਤੁਰੰਤ ਪੁਲਿਸ ਸਹਾਇਤਾ ਭੇਜਣਗੇ ਉਨ੍ਹਾਂ ਕਿਹਾ ਕਿ ਮੇਲਾ ਮਾਘੀ ਅੰਦਰ ਅਲੱਗ ਅਲੱਗ ਥਾਵਾਂ ਤੇ ਸੀਸੀ ਟੀਵੀ ਕੈਮਰੇ ਲਗਾਏ ਜਾਣਗੇ ਜਿੰਨਾਂ ਦਾ ਸੰਪਰਕ ਪੁਲਿਸ ਕੰਟਰੋਲ ਨੂੰ ਪਰ ਹੋਵੇਗਾ ਉਨ੍ਹਾਂ ਕਿਹਾ ਕਿ ਪੁਲਿਸ ਕੰਟਰੋਲ ਰੂਮ 24 ਘੰਟੇ ਸਹਾਇਤਾ ਲਈ ਤਿਆਰ ਰਹਿਣਗੇ ਅਤੇ ਪੀਸੀਆਰ ਮੋਟਰਸਾਈਕਲ 24 ਘੰਟੇ ਸ਼ਹਿਰ ਅੰਦਰ ਗਸਤ ਕਰਨਗੇ। ਉਨ੍ਹਾਂ ਦੱਸਿਆ ਮੇਲਾ ਮਾਘੀ ਸਮੇਂ ਸ਼ਹਿਰ ਨੂੰ ਸੈਕਟਰਾਂ ਵਿੱਚ ਵੰਡ ਕੇ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਜਾਣਗੇ ਮੇਲੇ ਅੰਦਰ ਆਉਣ ਵਾਲੇ ਸ਼ਰਧਾਲੂਆਂ ਨੂੰ ਅਲੱਗ ਅਲੱਗ ਵਹੀਕਲਾਂ ਲਈ ਪਾਰਕਿੰਗ ਦਾ ਖਾਸ ਪ੍ਰਬੰਧ ਕੀਤਾ ਜਾਵੇਗਾ ਉਨ੍ਹਾਂ ਕਿਹਾ ਕਿ ਹੈਵੀ ਵਹੀਕਲਾਂ ਦੀ ਸ਼ਹਿਰ ਅੰਦਰ ਐਂਟਰੀ ਨਹੀਂ ਹੋਵੇਗੀ ਅਤੇ ਦੂਸਰੇ ਸ਼ਹਿਰਾਂ ਵਿੱਚ ਜਾਣ ਵਾਲੇ ਵਹੀਕਲਾਂ ਨੂੰ ਸ਼ਹਿਰ ਤੋਂ ਬਾਹਰੋਂ ਬਾਹਰ ਕੱਢਣ ਲਈ ਰੂਟ ਪਲਾਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਗੁਰਦੁਵਾਰਾ ਸਾਹਿਬ ਅੰਦਰ ਸ਼ਰਧਾਲੂਆਂ ਦਾਆਰਾ ਸਰੋਵਰਾਂ ਵਿੱਚ ਇਸ਼ਨਾਨ ਕਰਦੇ ਕੋਈ ਅਣਹੋਣੀ ਘਟਨਾ ਨਾ ਹੋ ਜਾਵੇ ਇਸ ਤੋਂ ਬਚਾਉਣ ਲਈ ਉਥੇ ਐਨ ਡੀ ਆਰ ਐਫ ਟੀਮ ਅਤੇ ਗੋਤਾਖੋਰਾਂ ਨੂੰ ਤਾਇਨਾਤ ਕੀਤਾ ਜਾਵੇਗਾ ਅਤੇ ਗੁਰਦੁਆਰਾ ਸਾਹਿਬ ਦੇ ਹਰ ਇੱਕ ਗੇਟ ਤੇ ਗੁਰਦੁਆਰਾ ਸਾਹਿਬ ਅੰਦਰ ਪੁਲਿਸ ਮੁਲਾਜ਼ਮ ਸੁਰੱਖਿਆ ਲਈ ਤਾਇਨਾਤ ਕੀਤੇ ਜਾਣਗੇ । ਇਸ ਮੌਕੇ ਸ ਮਨਪ੍ਰੀਤ ਸਿੰਘ ਢਿੱਲੋਂ ਐਸ ਪੀ,ਡੀ, ਸ ਮਨਵਿੰਦਰ ਬੀਰ ਸਿੰਘ ਐਸ,ਪੀ,/ਪੀ,ਬੀ,ਆਈ,/ਸ ਅਮਨਦੀਪ ਸਿੰਘ ਡੀਐਸਪੀ/ਐਚ/ਸ ਅਵਤਾਰ ਸਿੰਘ ਰਾਜਪਾਲ ਡੀਐਸਪੀ, ਗਿੱਦੜਬਾਹਾ,ਸ ਸੁਖਜੀਤ ਸਿੰਘ ਡੀਐਸਪੀ/Hss/ ਸ ਇਕਬਾਲ ਸਿੰਘ ਸੰਧੂ ਡੀਐਸਪੀ ਮਲੋਟ, ਮੁੱਖ ਅਫਸਰਾਂ ਥਾਣਾ ਤੋਂ ਇਲਾਵਾ ਰੀਡਰ ਅਜੀਤ ਪਾਲ,ਐਸ,ਆਈ, ਰਵਿੰਦਰ ਕੌਰ,ਏ, ਐਸ, ਆਈ, ਸੱਤਪਾਲ ਸ਼ਰਮਾ ਓ,ਐਸ,ਆਈ, ਹੋਲਦਾਰ ਦਵਿੰਦਰ ਸਿਕਿਉਰਟੀ ਇੰਚਾਰਜ ਹਾਜ਼ਰ ਸਨ।

# ਸਰਕਾਰ ਦੇ ਰੋਜ਼ਗਾਰ ਮੁਖੀ ਉਪਰਾਲਿਆਂ ਦਾ ਵੱਧ ਤੋਂ ਵੱਧ ਨੌਜਵਾਨਾਂ ਨੂੰ ਲਾਭ ਦੇਣਾ ਯਕੀਨੀ ਬਣਾਇਆ ਜਾਵੇ : ਨਰੇਸ਼ ਕੁਮਾਰ



ਜਲੰਧਰ,(ਲੋਕ ਬਾਣੀ) : ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਤੇ ਸਿਖ਼ਲਾਈ ਅਫ਼ਸਰ ਨਰੇਸ਼ ਕੁਮਾਰ ਵੱਲੋਂ ਜ਼ਿਲ੍ਹੇ ਦੇ ਸਮੂਹ ਸਬੰਧਤ ਵਿਭਾਗਾਂ ਨਾਲ ਮੀਟਿੰਗ ਕੀਤੀ ਗਈ।

ਮੀਟਿੰਗ ਵਿੱਚ ਰੂਡਸੈੱਟ ਸੰਸਥਾ, ਖੇਤੀਬਾੜੀ ਵਿਭਾਗ, ਜ਼ਿਲ੍ਹਾ ਲੀਡ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਐੱਸ.ਸੀ. ਕਾਰਪੋਰੇਸ਼ਨ, ਪਸ਼ੂ ਪਾਲਣ, ਮੱਛੀ ਪਾਲਣ, ਬਾਗਬਾਨੀ, ਆਜੀਵਿਕਾ ਮਿਸ਼ਨ, ਜ਼ਿਲ੍ਹਾ ਭਲਾਈ ਦਫ਼ਤਰ, ਜ਼ਿਲ੍ਹਾ ਸਿੱਖਿਆ ਦਫ਼ਤਰ (ਸੈ.ਸਿੱ.), ਪੰਜਾਬ ਹੁਨਰ ਵਿਕਾਸ ਮਿਸ਼ਨ, ਯੁਵਕ ਭਲਾਈ ਦਫ਼ਤਰ, ਨਹਿਰੂ ਯੁਵਾ ਕੇਂਦਰ ਆਦਿ ਵਿਭਾਗਾਂ ਤੋਂ ਅਧਿਕਾਰੀਆਂ ਵੱਲੋਂ ਸ਼ਿਰਕਤ ਕੀਤੀ ਗਈ।

ਨਰੇਸ਼ ਕੁਮਾਰ ਨੇ ਮੀਟਿੰਗ ਦੌਰਾਨ ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਤੇ ਸਿਖ਼ਲਾਈ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਮੂਹ ਵਿਭਾਗਾਂ ਤੋਂ ਉਨ੍ਹਾਂ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਵੈ-ਰੋਜ਼ਗਾਰ ਸਕੀਮਾਂ ਅਤੇ ਟ੍ਰੇਨਿੰਗ ਕੋਰਸਾਂ ਬਾਰੇ ਜਾਣਕਾਰੀ ਇਕੱਤਰ ਕੀਤੀ ਤਾਂ ਜੋ ਯੋਗ ਨੌਜਵਾਨਾਂ ਨੂੰ ਇਨ੍ਹਾਂ ਯੋਜਨਾਵਾਂ ਤਹਿਤ ਦਿੱਤੇ ਜਾਣ ਵਾਲੇ ਸਬਸਿਡੀ ਆਧਾਰਿਤ ਕਰਜ਼ਿਆਂ ਤੋਂ ਇਲਾਵਾ ਸਿਖ਼ਲਾਈ ਕੋਰਸਾਂ ਬਾਰੇ ਜਾਣਕਾਰੀ ਮੁਹੱਈਆ ਕਰਵਾਈ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਦੇ ਇਨ੍ਹਾਂ ਰੋਜ਼ਗਾਰ-ਮੁਖੀ ਉਪਰਾਲਿਆਂ ਦਾ ਵੱਧ ਤੋਂ ਵੱਧ ਯੋਗ ਨੌਜਵਾਨਾਂ ਨੂੰ ਲਾਭ ਪ੍ਰਦਾਨ ਕਰਨ ਲਈ ਹੋਰ ਸਰਗਰਮੀ ਨਾਲ ਕੰਮ ਕੀਤਾ ਜਾਵੇ ਤਾਂ ਜੋ ਨੌਜਵਾਨ ਆਪਣੇ ਮਨਪਸੰਦ ਦਾ ਕਾਰੋਬਾਰ ਸ਼ੁਰੂ ਕਰਕੇ ਆਤਮ-ਨਿਰਭਰ ਬਣ ਸਕਣ।

# ਐਸਸੀਡੀ ਸਰਕਾਰੀ ਕਾਲਜ ਵਿੱਚ ਐਨਐਸਐਸ 7 ਰੋਜ਼ਾ ਕੈਂਪ ਦਾ ਉਦਘਾਟਨ

ਲੁਧਿਆਣਾ ( ਸੁਖਚੈਨ ਮਹਿਰਾ)7 ਰੋਜ਼ਾ ਐਨਐਸਐਸ ਕੈਂਪ ਦੀ ਸ਼ੁਰੂਆਤ ਐਸਸੀਡੀ ਸਰਕਾਰੀ ਕਾਲਜ ਵਿੱਚ ਦੀਪ ਜਗਾ ਕੇ ਅਤੇ ਸਰਸਵਤੀ ਵੰਦਨਾ ਨਾਲ ਹੋਈ। ਐਨਐਸਐਸ ਦੇ ਕਨਵੀਨਰ (ਲੜਕੇ) ਡਾ: ਸੌਰਭ ਕੁਮਾਰ ਨੇ ਮੁੱਖ ਮਹਿਮਾਨ ਸ੍ਰੀ ਵਿਸ਼ਾਲ ਜੈਨ (ਕਨਵੀਨਰ, ਸਵਾਮੀ ਵਿਵੇਕਾਨੰਦ ਸਟੱਡੀ ਸੈਂਟਰ, ਪੰਜਾਬ ਅਤੇ ਫਿਲਮ ਨਿਰਦੇਸ਼ਕ) ਨਾਲ ਜਾਣ-ਪਛਾਣ ਕਰਵਾਈ।

ਐਨਐਸਐਸ ਕਨਵੀਨਰ (ਲੜਕੀਆਂ) ਡਾ: ਦੇਵੀਨਾ ਘਈ ਅਤੇ ਪ੍ਰੋਫ਼ੈਸਰ ਸ਼ਿਲਪਾ ਸ਼ਰਮਾ ਨੇ ਮੁੱਖ ਮਹਿਮਾਨ ਨੂੰ ਸ਼ਰਧਾਪੂਰਵਕ ਪਾਉਧਾ ਭੇਂਟ ਕਰਕੇ ਸਵਾਗਤ ਕੀਤਾ।

ਸ਼੍ਰੀ ਜੈਨ ਨੇ ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ ਤੇ ਜ਼ੋਰ ਦਿੰਦੇ ਹੋਏ ਕੈਂਪ ਦਾ ਵਿਸ਼ਾ, ਮੇਰੇ ਭਾਰਤ ਦਾ ਨੌਜਵਾਨ ਅਤੇ ਡਿਜੀਟਲ ਸਾਖਰਤਾ ਪੇਸ਼ ਕੀਤਾ। ਇੱਕ ਇੰਟਰਐਕਟਿਵ ਸੈਸ਼ਨ ਵਿੱਚ, ਉਸਨੇ ਭਾਗੀਦਾਰਾਂ ਨੂੰ ਨਿੱਜੀ ਅਤੇ ਸਮਾਜਿਕ ਵਿਕਾਸ ਦੇ ਮਾਰਗ ਵਜੋਂ ਸਵੈ-ਸੁਧਾਰ ਤੇ ਧਿਆਨ ਦੇਣ ਲਈ ਪ੍ਰੇਰਿਤ ਕੀਤਾ।

ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਗੁਰਸ਼ਰਨਜੀਤ ਸਿੰਘ ਸੰਧੂ ਨੇ ਸ਼੍ਰੀ ਜੈਨ ਦੇ ਪ੍ਰੇਰਨਾਦਾਇਕ ਭਾਸ਼ਣ ਅਤੇ



ਰੋਜ਼ਾਨਾ ਲੋਕ ਬਾਣੀ www.lokbani

ਵਿਦਿਆਰਥੀਆਂ ਦੀ ਉਤਸ਼ਾਹੀ ਸ਼ਮੂਲੀਅਤ ਦੀ ਸ਼ਲਾਘਾ ਕਰਦਿਆਂ ਤਹਿ ਦਿਲੋਂ ਧੰਨਵਾਦ ਕੀਤਾ।

ਸੈਸ਼ਨ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ, ਜਿਸ ਨਾਲ ਅਗਲੇ ਹਫਤੇ ਲਈ ਇੱਕ ਪ੍ਰੇਰਨਾਦਾਇਕ ਸੁਰ ਤੈਅ ਕੀਤੀ ਗਈ। ਇਸ ਮੌਕੇ ਮੁੱਖ ਮਹਿਮਾਨ ਸ੍ਰੀ ਵਿਸ਼ਾਲ ਜੈਨ, ਸ. ਪਰਮਜੀਤ ਸਿੰਘ (ਕੈਂਪਸ ਇੰਚਾਰਜ), ਡਾ: ਦੇਵੀਨਾ ਘਈ, ਡਾ: ਸੌਰਭ ਕੁਮਾਰ ਅਤੇ ਪ੍ਰੋ. ਸ਼ਿਲਪਾ ਸ਼ਰਮਾ ਵੱਲੋਂ 'ਇੱਕ ਰੁੱਖ ਮਾਂ ਦੇ ਨਾਮ' ਉਪਰਾਲੇ ਤਹਿਤ ਰੁੱਖ ਲਗਾਓ ਵੀ ਕੀਤਾ ਗਿਆ। ਦੁਪਹਿਰ ਨੂੰ ਇੱਕ ਬਰਫ਼ ਤੋੜਨ ਦਾ ਸੈਸ਼ਨ ਆਯੋਜਿਤ ਕੀਤਾ ਗਿਆ ਸੀ ਜਿੱਥੇ ਵਲੰਟੀਅਰਾਂ ਨੇ ਇੱਕ ਦੂਜੇ ਨਾਲ ਗੱਲਬਾਤ ਕੀਤੀ ਅਤੇ ਭਾਗੀਦਾਰਾਂ ਵਿੱਚ ਭਾਈਚਾਰਕ ਸਾਂਝ ਅਤੇ ਟੀਮ ਵਰਕ ਦੀ ਭਾਵਨਾ ਪੈਦਾ ਕੀਤੀ।

ਇਹ ਕੈਂਪ 9 ਜਨਵਰੀ ਤੱਕ ਚੱਲੇਗਾ ਜਿਸ ਵਿੱਚ ਆਉਣ ਵਾਲੇ ਦਿਨਾਂ ਵਿੱਚ ਐਨਐਸਐਸ ਯੂਨਿਟ ਵੱਲੋਂ ਭਾਗੀਦਾਰਾਂ ਵਿੱਚ ਭਾਈਚਾਰਕ ਸੇਵਾ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਤਸ਼ਾਹਤ ਕਰਨ ਲਈ ਸਫਾਈ ਅਭਿਆਨ, ਸਾਈਬਰ ਸੁਰੱਖਿਆ ਜਾਗਰੂਕਤਾ, ਯੋਗਾ ਸੈਸ਼ਨ, ਮਾਨਸਿਕ ਸਿਹਤ ਜਾਗਰੂਕਤਾ, ਸਮਾਜਿਕ ਜ਼ਿੰਮੇਵਾਰੀ ਪਹਿਲਕਦਮੀਆਂ ਆਦਿ ਦਾ ਆਯੋਜਨ ਕੀਤਾ ਜਾਵੇਗਾ। ਕੈਂਪ ਦੇ ਆਖ਼ਰੀ ਦਿਨ ਰੰਗਾਰੰਗ ਪ੍ਰੋਗਰਾਮ ਅਤੇ ਅਨੁਭਵ ਬਿਰਤਾਂਤ ਨਾਲ ਸਮਾਗਮ ਦੀ ਸਮਾਪਤੀ ਹੋਵੇਗੀ।

# ਕਸ਼ਮੀਰ ਭਾਰਤ ਦਾ ਅਨਿੱਖੜਵਾਂ ਅੰਗ ਸੀ, ਹੈ ਅਤੇ ਰਹੇਗਾ; ਸਮੇਂ ਨੇ ਉਸ ਧਾਰਾ ਨੂੰ ਹਟਾ ਦਿੱਤਾ ਹੈ ਜਿਸ ਨੇ ਕਸ਼ਮੀਰ ਨੂੰ ਭਾਰਤ ਤੋਂ ਵੱਖ ਕਰਨ ਦੀ ਕੋਸ਼ਿਸ਼ ਕੀਤੀ: ਅਮਿਤ ਸ਼ਾਹ



ਲੁਧਿਆਣਾ/ਜਲੰਧਰ (ਲੋਕ ਬਾਣੀ): ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਅਮਿਤ ਸ਼ਾਹ ਨੇ ਜੰਮੂ-ਕਸ਼ਮੀਰ ਅਤੇ ਲਦਾਖ: ਸੱਤਿਆ ਅਤੇ ਸੰਬਧਤਾ ਦਾ ਇਤਿਹਾਸਕ ਘਟਨਾਕ੍ਰਮ ਕਿਤਾਬ ਦੇ ਵਿਮੋਚਨ ਦੇ ਸਮੇਂ ਨੇ ਇਹ ਸਪੱਸ਼ਟ ਕੀਤਾ ਕਿ ਆਜ਼ਾਦੀ ਦੇ ਬਾਅਦ ਦਸ਼ਾਂ ਤੱਕ ਕਾਂਗਰਸ ਅਤੇ ਉਨ੍ਹਾਂ ਦੇ ਸਹਿਯੋਗੀ ਦਲਾਂ ਨੇ ਜੰਮੂ-ਕਸ਼ਮੀਰ ਨੂੰ ਭਾਰਤ ਤੋਂ ਵੱਖ ਕਰਨ ਦਾ ਯਤਨ ਕੀਤਾ। ਪਰ, ਅਮ੍ਰਿਤਕਾਲ ਵਿਚ ਧਾਰਾ 370 ਨਾਮਕ ਉਸ ਨਾਸੂ ਨੂੰ ਵੀ ਖਤਮ ਕਰ ਦਿੱਤਾ ਗਿਆ, ਜੋ ਬਲ ਪਰ ਜੰਮੂ-ਕਸ਼ਮੀਰ ਨੂੰ ਭਾਰਤ ਤੋਂ ਵੱਖ ਕਰਨ ਦਾ ਯਤਨ ਕੀਤਾ ਜਾ ਰਿਹਾ ਸੀ। ਨਰੇਂਦਰ ਮੋਦੀ ਦੇ ਅਗਵਾਈ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਮਾਰਗਦਰਸ਼ਨ ਵਿੱਚ ਕਸ਼ਮੀਰ ਵਿੱਚ ਅੱਤਵਾਦ ਦੇ ਇਕੋਸਿਸਟਮ ਨੂੰ ਪੂਰੀ ਤਰ੍ਹਾਂ ਖਤਮ ਕਰਨ, ਸ਼ਾਂਤੀ ਅਤੇ ਸਥਿਰਤਾ ਨੂੰ ਮਜ਼ਬੂਤ ਕਰਨ ਦਾ ਵਿਲੱਖਣ ਕੰਮ ਕੀਤਾ ਗਿਆ ਹੈ। ਧਾਰਾ 370 ਖਤਮ ਹੋਣ ਤੋਂ ਬਾਅਦ ਕਸ਼ਮੀਰ ਵਿੱਚ ਅੰਤਕ ਘਟਨਾਵਾਂ ਵਿੱਚ 70% ਤੋਂ ਘੱਟ ਹੋਇਆ ਹੈ ਅਤੇ ਇਹ ਸਿੱਧ ਹੁੰਦਾ ਹੈ ਕਿ ਧਾਰਾ 370 ਅੰਤਕਵਾਦ ਦੀ ਵਧੇਰੇ ਗੱਲ ਹੈ। ਕਸ਼ਮੀਰ ਵਿੱਚ ਪਥਰਾਓ ਦੀ 2018 ਵਿੱਚ 2,100 ਘਟਨਾਵਾਂ ਵਾਪਰੀਆਂ, ਜਦੋਂ ਕਿ 2023 ਵਿੱਚ ਇੱਕ ਵੀ ਘਟਨਾ ਨਹੀਂ ਵਾਪਰੀ। 33 ਸਾਲ ਬਾਅਦ ਕਸ਼ਮੀਰ ਘਾਟੀ ਵਿੱਚ ਥੀਏਟਰ ਵਿੱਚ ਨਾਈਟ ਸ਼ੋਅ ਚੱਲਦਾ ਹੈ, ਤਾਜੀਆ ਦਾ ਜੂਲੂਸ ਨਿਕਲਦਾ ਹੈ ਅਤੇ ਸ਼੍ਰੀਨਗਰ ਦੇ ਲਾਲ ਚੌਂਕ ਤੇ ਕ੍ਰਿਸ਼ਨ ਜਨਮ ਦੀ ਝਾਂਕੀ ਦੇਖਣ ਨੂੰ ਮਿਲੀ ਹੈ।

# ਕਾਨਪੁਰ ਦੇ ਹੋਟਲ ਚੋਂ ਮਿਲੀ ਨਵੇਂ ਸਾਲ ਦੀ ਪਾਰਟੀ ਮਨਾਉਣ ਗਏ ਨੌਜਵਾਨ ਦੀ ਲਾਸ਼, ਜਾਂਚ ਸ਼ੁਰੂ

ਕਾਨਪੁਰ ( ਸੁਨੀਲ ਬਾਜਪਾਈ) ਇੱਥੇ ਜ਼ਿਲ੍ਹੇ ਵਿੱਚ ਕਤਲ ਕੀਤੇ ਗਏ ਨੌਜਵਾਨਾਂ ਦੀਆਂ ਲਾਸ਼ਾਂ ਲਗਾਤਾਰ ਮਿਲ ਰਹੀਆਂ ਹਨ, ਜਿਸ ਕਾਰਨ ਇੱਥੋਂ ਦੇ ਇੱਕ ਹੋਟਲ ਵਿੱਚ ਦੋਸਤਾਂ ਨਾਲ ਨਿਊ ਈਅਰ ਪਾਰਟੀ ਮਨਾਉਣ ਗਏ ਨੌਜਵਾਨ ਦੀ ਨੰਗੀ ਲਾਸ਼ ਮਿਲਣ ਤੋਂ ਬਾਅਦ ਹੜਕੰਪ ਮੱਚ ਗਿਆ। ਪੁਲਸ ਉਸ ਦੀ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਕੇ ਘਟਨਾ ਦੀ ਜਾਂਚ ਕਰ ਰਹੀ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਵੀ ਕਾਨਪੁਰ ਵਿੱਚ ਅਣਪਛਾਤੀਆਂ ਲਾਸ਼ਾਂ ਮਿਲਣ ਦੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ।

ਫਿਲਹਾਲ ਨਜੀਬਾਬਾਦ ਥਾਣਾ ਖੇਤਰ ਦੀ ਇਸ ਘਟਨਾ ਚ ਪਰਿਵਾਰਕ ਮੈਂਬਰਾਂ ਨੇ ਆਪਣੇ ਦੋਸਤਾਂ ਤੇ ਕਤਲ ਦਾ ਦੋਸ਼ ਲਗਾਇਆ ਹੈ। ਪੁਲਸ ਅਤੇ ਫੋਰੈਂਸਿਕ ਟੀਮ ਨੇ ਮੌਕੇ ਤੇ ਪਹੁੰਚ ਕੇ ਜਾਂਚ ਕੀਤੀ ਅਤੇ ਸਬੂਤ ਇਕੱਠੇ ਕੀਤੇ।

ਪੁਲਿਸ ਮੁਤਾਬਕ ਮਾਮਲੇ ਦੀ ਜਾਂਚ ਤੋਂ ਬਾਅਦ ਅਗਲੀ ਕਾਰਵਾਈ ਕੀਤੀ ਜਾਵੇਗੀ। ਘਟਨਾ ਸਬੰਧੀ ਪ੍ਰਾਪਤ ਵੇਰਵਿਆਂ ਅਨੁਸਾਰ ਚਮਨਗੰਜ ਦੇ ਭੰਨਨਾਪੁਰਵਾ ਵਿੱਚ ਰਹਿਣ ਵਾਲੇ ਅਪਾਹਜ ਅਵਧੇਸ਼ ਗੁਪਤਾ ਦਾ ਇਕਲੌਤਾ ਪੁੱਤਰ ਗੌਰਵ (22) ਸਵਰੂਪ ਨਗਰ ਸਥਿਤ ਇੱਕ ਕੈਫੇ ਵਿੱਚ ਕੰਮ ਕਰਦਾ ਸੀ।



ਪਰਿਵਾਰਕ ਮੈਂਬਰਾਂ ਨੇ ਮੌਕੇ ਤੇ ਪਹੁੰਚੀ ਪੁਲਸ ਨੂੰ ਦੱਸਿਆ ਕਿ ਗੌਰਵ ਆਪਣੇ ਦੋਸਤਾਂ ਨਾਲ ਗੁੰਮਟੀ ਦੇ ਏਵੀਐੱਸ ਗ੍ਰੈਂਡ ਹੋਟਲ ਚ ਪਾਰਟੀ ਮਨਾਉਣ ਗਿਆ ਸੀ। ਇੱਥੇ ਉਨ੍ਹਾਂ ਨੇ ਦੋ ਕੈਮਰੇ ਵੀ ਬੁੱਕ ਕਰਵਾਏ ਸਨ।

ਪੁਲਿਸ ਵੱਲੋਂ ਹੁਣ ਤੱਕ ਕੀਤੀ ਗਈ ਤਫ਼ਤੀਸ਼ ਅਨੁਸਾਰ ਦੇਰ ਰਾਤ ਸਾਰੇ ਦੋਸਤਾਂ ਨੇ ਗੌਰਵ ਨੂੰ ਸ਼ਰਾਬ ਪੀ ਕੇ ਹੋਟਲ ਵਿੱਚ ਛੱਡ ਦਿੱਤਾ ਸੀ। ਕੁਝ ਦੇਰ ਬਾਅਦ ਜਦੋਂ ਉਸ ਦਾ ਇੱਕ ਦੋਸਤ ਮੋਬਾਈਲ ਚਾਰਜਰ ਲੈਣ ਲਈ ਹੋਟਲ ਦੇ ਕਮਰੇ ਵਿੱਚ ਵਾਪਸ ਆਇਆ ਤਾਂ ਉਸ ਨੇ ਗੌਰਵ ਨੂੰ ਬਾਥਰੂਮ ਵਿੱਚ ਅੱਧ ਨੰਗਾ ਪਿਆ ਦੇਖਿਆ।

ਪੁਲਸ ਨੇ ਦੱਸਿਆ ਕਿ ਇਸ ਤੋਂ ਬਾਅਦ ਦੋਸਤ ਉਸ ਨੂੰ ਕਾਰਡੀਓਲੋਜੀ ਲੈ ਗਏ। ਜਿੱਥੇ ਡਾਕਟਰ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਤੇ ਉਸ ਦੇ ਦੋਸਤਾਂ ਨੇ ਹਸਪਤਾਲ ਦੇ ਡਾਕਟਰ ਨਾਲ ਬਹਿਸ ਕਰਨੀ ਸ਼ੁਰੂ ਕਰ ਦਿੱਤੀ।

ਹਸਪਤਾਲ ਪ੍ਰਬੰਧਕ ਦੀ ਸ਼ਿਕਾਇਤ ਤੇ ਸਵਰੂਪ ਨਗਰ ਦੇ ਇੰਸਪੈਕਟਰ ਸੂਰਿਆਬਲੀ ਪਾਂਡੇ ਵੀ ਪਹੁੰਚੇ ਅਤੇ ਘਟਨਾ ਦੀ ਸੂਚਨਾ ਨਜ਼ੀਰਾਬਾਦ ਦੇ ਇੰਸਪੈਕਟਰ ਅਮਨ ਸਿੰਘ ਨੂੰ ਦਿੱਤੀ। ਮੌਕੇ ਤੇ ਪਹੁੰਚੇ ਨੌਜਵਾਨ ਦੇ ਪਰਿਵਾਰਕ ਮੈਂਬਰਾਂ ਨੇ ਉਸ ਦੇ ਦੋਸਤਾਂ ਤੇ ਕਤਲ ਦਾ ਦੋਸ਼ ਲਗਾ ਕੇ ਹੰਗਾਮਾ ਕਰ ਦਿੱਤਾ। ਪੁਲੀਸ ਨੇ ਬੜੀ ਮੁਸ਼ਕਲ ਨਾਲ ਉਨ੍ਹਾਂ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ। ਪੁਲਿਸ ਨੇ ਦੱਸਿਆ ਕਿ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

# ਜਨਮ ਦਿਨ ਮੁਬਾਰਕ




ਜਨਮ ਦਿਨ ਦੀਆਂ ਮੁਬਾਰਕਾਂ ਜਸਨਪ੍ਰੀਤ ਕੌਰ (ਅਮ੍ਰਿਤਸਰ)

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements in 2022-2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565